ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

International Daily Newspaper & WEB TV

(ਯੂ. ਕੇ. ਤੋਂ ਪ੍ਰਕਾਸ਼ਿਤ)

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 17 ਜੂਨ 2024 (ਨਾਨਕਸ਼ਾਹੀ ਸੰਮਤ : ੫੫੬, ੪ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸ਼ੇਰ-ਏ-ਪੰਜਾਬ ਦੀ ਬਰਸੀ ਮਨਾਉਣ ਲਈ ਪਾਕਿਸਤਾਨ ਰਵਾਨਾ ਹੋਵੇਗਾ 316 ਸ਼ਰਧਾਲੂਆਂ ਦਾ ਸਿੱਖ ਜੱਥਾ

**ਅੰਮ੍ਰਿਤਸਰ, 16 ਜੂਨ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਬਣਾਉਣ ਦੇ ਲਈ ਇੱਕ ਸਿੱਖ ਜਥਾ ਪਾਕਿਸਤਾਨ ਦੇ ਲਈ ਰਵਾਨਾ ਹੋਵੇਗਾ। ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼੍ਰੋਮਣੀ ਕਮੇਟੀ ਵੱਲੋਂ ਇਹ ਜੱਥਾ ਰਵਾਨਾ ਕੀਤਾ ਜਾਵੇਗਾ। ਇਹ ਜੱਥਾ ਅਟਾਰੀ ਬਾਘਾ ਸਰੱਦ ਦੇ ਰਾਹੀਂ ਪਾਕਿਸਤਾਨ ਦੇ ਲਈ ਰਵਾਨਾ ਹੋਵੇਗਾ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਹੋਇਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ ਮਹਾਰਾਜਾ ਰਣਜੀਤ ਸਿੰਘ ਸ਼ੇਰੇ ਪੰਜਾਬ ਦੀ ਬਰਸੀ ਦੇ ਮੌਕੇ ਪਾਕਿਸਤਾਨ ਭੇਜੇ ਜਾਣ ਵਾਲੇ ਜਥੇ ਲਈ 316 ਸ਼ਰਧਾਲੂਆਂ ਨੂੰ ਵੀਜ਼ੇ ਪ੍ਰਾਪਤ ਹੋਏ ਹਨ। ਇਹ ਜੱਥਾ 21 ਜੂਨ ਨੂੰ ਪਾਕਿਸਤਾਨ ਲਈ ਰਵਾਨਾ ਹੋਵੇਗਾ। ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਸਬੰਧੀ ਗੁਰਦੁਆਰਾ ਸ੍ਰੀ ਡੇਰਾ ਸਾਹਿਬ ਲਾਹੌਰ ਵਿਖੇ ਹੋਣ ਵਾਲੇ ਸਮਾਗਮ ਵਿਚ ਸ਼ਮੂਲੀਅਤ ਕਰਨ ਦੇ ਨਾਲ ਪਾਕਿਸਤਾਨ ਸਥਿਤ ਹੋਰ ਗੁਰਧਾਮਾਂ ਦੇ ਦਰਸ਼ਨਾਂ ਲਈ 339 ਸ਼ਰਧਾਲੂਆਂ ਦੇ ਪਾਸਪੋਰਟ ਵੀਜ਼ਾ ਲਗਵਾਉਣ ਲਈ ਭੇਜੇ ਗਏ ਸਨ, ਜਿਨ੍ਹਾਂ ਵਿਚੋਂ 316 ਨੂੰ ਵੀਜ਼ੇ ਪ੍ਰਾਪਤ ਹੋਏ ਹਨ। ਉਨ੍ਹਾਂ ਦੱਸਿਆ ਕਿ ਦਿੱਲੀ ਸਥਿਤ ਪਾਕਿਸਤਾਨ ਦੂਤਾਵਾਸ ਵੱਲੋਂ 23 ਸ਼ਰਧਾਲੂਆਂ ਦੇ ਨਾਮ ਕੱਟ ਦਿੱਤੇ ਗਏ ਹਨ। ਇਹ ਜਥਾ 21 ਜੂਨ ਨੂੰ ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਰਵਾਨਾ ਕੀਤਾ ਜਾਵੇਗਾ, ਤੇ ਪਾਕਿਸਤਾਨ ਵਿੱਚ ਆਪਣੇ ਗੁਰੂ ਧਾਮਾਂ ਦੇ ਦਰਸ਼ਨ ਕਰਨ ਉਪਰਾਂਤ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮਨਾ ਕੇ ਇਹ ਜੱਥਾ ਜੋ 30 ਜੂਨ ਨੂੰ ਵਾਪਿਸ ਦੇਸ਼ ਪਰਤ ਆਵੇਗਾ।

## ਆਖਰ ਕਿਉਂ ਨਹੀਂ ਵੱਜ ਰਿਹਾ ਨਸ਼ਿਆਂ ਦੇ ਦਰਿਆ ਨੂੰ ਬੰਨ੍ਹ ?

# ਸਿਆਸਤਦਾਨਾਂ, ਪੁਲਿਸ ਤੇ ਤਸਕਰਾਂ ਦੇ ਗੱਠਜੋੜ ਦੀ ਜਾਂਚ ਦੇ ਹੁਕਮ

**ਚੰਡੀਗੜ੍ਹ, 16 ਜੂਨ (ਆਵਾਜ਼ਿ ਕੌਮ ਬਿਊਰੋ)**-ਬੀਜੇਪੀ ਨੇ ਪੁਲਿਸ ਅਧਿਕਾਰੀਆਂ ਤੇ ਨਸ਼ਾ ਤਸਕਰਾਂ ਦੇ ਗਠਜੋੜ ਦੇ ਇਲਜ਼ਾਮ ਲਾਏ ਹਨ। ਬੀਜੇਪੀ ਲੀਡਰ ਜਤਿੰਦਰ ਕਾਲੜਾ ਦੀ ਸ਼ਿਕਾਇਤ 'ਤੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਪੁਲਿਸ ਦੇ ਡਾਇਰੈਕਟਰ ਜਨਰਲ ਨੂੰ ਜਾਂਚ ਦੇ ਹੁਕਮ ਦਿੱਤੇ ਹਨ। ਇਸ ਬਾਰੇ ਪੰਜਾਬ ਪੁਲਿਸ ਦੇ ਸਪੈਸ਼ਲ ਡਾਇਰੈਕਟਰ ਜਨਰਲ ਲਾਅ ਐਂਡ ਆਰਡਰ ਨੇ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਨੂੰ ਨਸ਼ਾ ਵੇਚਣ ਦੀ ਜਾਂਚ ਦੇ ਹੁਕਮ ਦਿੱਤੇ ਹਨ। ਇਸ ਬਾਰੇ ਜਾਣਕਾਰੀ ਦਿੰਦਿਆਂ ਜਤਿੰਦਰ ਕਾਲੜਾ, ਕਲਸਟਰ ਇੰਚਾਰਜ ਬੀਜੇਪੀ ਤੇ ਰਣਦੀਪ ਸਿੰਘ ਦਿਓਲ, ਪ੍ਰਭਾਰੀ ਇੰਚਾਰਜ ਫਿਰੋਜ਼ਪੁਰ ਨੇ ਦੱਸਿਆ ਕਿ ਜਤਿੰਦਰ ਕਾਲੜਾ ਦੀ ਸ਼ਿਕਾਇਤ 'ਤੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ ਲਾਅ ਐਂਡ ਆਰਡਰ ਨੂੰ ਨਸ਼ਿਆਂ ਦੇ ਵੇਚਣ ਦੀ ਜਾਚ ਦੇ ਹੁਕਮ ਦਿੱਤੇ ਹਨ। ਇਸ ਮਗਰੋਂ ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ ਲਾਅ ਐਂਡ ਆਰਡਰ ਨੇ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਨੂੰ ਨਸ਼ਾ ਵੇਚਣ ਦੀ ਜਾਂਚ ਕਰਨ ਲਈ ਕਿਹਾ ਹੈ। ਉਨ੍ਹਾਂ ਨੇ ਕਿਹਾ ਕਿ ਸੱਤਾਧਾਰੀ ਪਾਰਟੀ ਦੇ ਮੌਜੂਦਾ ਵਿਧਾਇਕ ਕੁੰਵਰ ਪ੍ਰਤਾਪ ਸਿੰਘ ਦੀ ਵੀਡੀਓ ਦੇ ਆਧਾਰ 'ਤੇ ਨਸ਼ਿਆਂ ਦੀ ਸਮੱਸਿਆ ਸਬੰਧੀ ਸ਼ਿਕਾਇਤ ਦਰਜ ਕਰਵਾਈ ਸੀ। ਸੱਤਾਧਾਰੀ ਪਾਰਟੀ ਦੇ ਮੌਜੂਦਾ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਜੋ ਸਾਬਕਾ ਆਈਪੀਐਸ ਵੀ ਹਨ ਤੇ ਇੰਸਪੈਕਟਰ ਜਨਰਲ ਦੇ ਅਹੁਦੇ 'ਤੇ ਰਹਿ ਚੁੱਕੇ ਹਨ, ਨੇ ਇਹ ਬਹੁਤ ਗੰਭੀਰ ਦੋਸ਼ ਲਾਇਆ ਸੀ ਕਿ ਅੰਮ੍ਰਿਤਸਰ ਵਿੱਚ ਵਿਕਣ ਵਾਲਾ ਨਸ਼ਾ ਪੁਲਿਸ ਦਾ ਹੈ। ਇੱਕ ਹੋਰ ਲਾਈਨ ਵਿੱਚ ਉਨ੍ਹਾਂ ਕਿਹਾ ਸੀ ਕਿ ਐਸਪੀ ਅੰਮ੍ਰਿਤਸਰ, ਡਿਪਟੀ ਐਸਪੀ ਰਾਜ ਸਭਾ ਮੈਂਬਰ ਰਾਘਵ ਚੱਢਾ ਦੇ ਬਹੁਤ ਨੇੜਲੇ ਹਨ। ਬੀਜੇਪੀ ਲੀਡਰਾਂ ਨੇ ਕਿਹਾ ਕਿ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਦਾ ਕਹਿਣਾ ਸੀ ਕਿ ਉਨ੍ਹਾਂ ਨੇ ਇਸ ਸਾਰੀ ਡਰੱਗ ਸਟੋਰੀ ਬਾਰੇ ਪੁਲਿਸ ਦੇ ਡਾਇਰੈਕਟਰ ਜਨਰਲ ਨੂੰ ਵੀ ਜਾਣੂ ਕਰ ਦਿੱਤਾ ਹੈ। ਜਤਿੰਦਰ ਕਾਲੜਾ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆ ਤੇ ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ। ਉਨ੍ਹਾਂ ਨੇ ਕਿਹਾ ਕਿ 2022 ਦੀਆ ਵਿਧਾਨ ਸਭਾ ਚੋਣਾਂ ਦੌਰਾਨ 'ਆਪ' ਸੁਪਰੀਮੋ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕਿਹਾ ਸੀ ਕਿ ਪੰਜਾਬ ਨੂੰ ਤਿੰਨ ਮਹੀਨਿਆਂ ਤੱਕ ਨਸ਼ਾ ਮੁਕਤ ਕਰ ਦਿੱਤਾ ਜਾਵੇਗਾ ਪਰ ਪੰਜਾਬ ਵਿੱਚ ਨਸ਼ਾ ਦਿਨ ਪ੍ਰਤੀ ਦਿਨ ਵੱਧ ਰਿਹਾ ਹੈ ਤੇ ਹਜ਼ਾਰਾਂ ਨੌਜਵਾਨ ਨਸ਼ਿਆਂ ਕਾਰਨ ਆਪਣੀਆਂ ਜਾਨਾ ਗਵਾ ਰਹੇ ਹਨ ਤੇ ਪੰਜਾਬ ਸਰਕਾਰ ਸੱਤਾ ਦੇ ਨਸ਼ੇ ਵਿੱਚ ਹੱਕਾਰੀ ਹੋਈ ਹੈ।





## ਸਪੈਨਿਸ਼ ਜੋੜੇ ਦੀ ਕੁੱਟਮਾਰ ਦੇ ਮਾਮਲੇ 'ਚ ਪੰਜਾਬ ਪੁਲਸ ਕਰੇਗੀ ਕਾਰਵਾਈ

**ਅੰਮ੍ਰਿਤਸਰ, 16 ਜੂਨ (ਆਵਾਜ਼ਿ ਕੌਮ ਬਿਊਰੋ)**-ਪਹਾੜਾਂ ਦੀ ਸੈਰ ਕਰਨ ਗਏ ਸਪੈਨਿਸ਼ ਜੋੜੇ ਨਾਲ ਕੁੱਟਮਾਰ ਦਾ ਮਾਮਲਾ ਕਾਫ਼ੀ ਚਰਚਾ 'ਚ ਬਣ ਗਿਆ ਹੈ। ਇਸ ਦੌਰਾਨ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਸਪੈਨਿਸ਼ ਜੋੜੇ ਨਾਲ ਹਸਪਤਾਲ ਪਹੁੰਚ ਕੇ ਮੁਲਾਕਾਤ ਕੀਤੀ ਹੈ। ਮੰਤਰੀ ਧਾਲੀਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬੀਤੇ ਦਿਨੀਂ ਇਹ ਜੋੜਾ ਪਰਿਵਾਰ ਸਮੇਤ ਡਲਹੋਜੀ ਦੇ ਪਹਾੜਾਂ 'ਚ ਘੁੰਮਣ ਗਿਆ ਸੀ ਜਿਥੇ ਇਨ੍ਹਾਂ ਦਾ ਭੀੜ ਨਾਲ ਝਗੜਾ ਹੋ ਗਿਆ ਸੀ ਅਤੇ ਉਨ੍ਹਾਂ ਵਲੋਂ ਸਪੈਨਿਸ਼ ਜੋੜੇ ਦੇ ਕਾਫ਼ੀ ਗੰਭੀਰ ਸੱਟਾਂ ਮਾਰੀਆਂ ਗਈਆਂ। ਕਾਫ਼ੀ ਦਿਨਾਂ ਤੋਂ ਜੋੜੇ ਦਾ ਹਸਪਤਾਲ ਵਿਖੇ ਇਲਾਜ ਚੱਲ ਰਿਹਾ ਹੈ ਅਤੇ ਪਤਾ ਲੈਣ ਲਈ ਅੱਜ ਹਸਪਤਾਲ ਪਹੁੰਚੇ ਹਾਂ। ਮੰਤਰੀ ਧਾਲੀਵਾਲ ਨੇ ਕਿਹਾ ਜੇਕਰ ਕੋਈ ਐੱਨ. ਆਰ. ਆਈ. ਨਾਲ ਅਜਿਹੀ ਘਟਨਾ ਵਾਪਰੇ ਤਾਂ ਬਹੁਤ ਦੀ ਮਾੜੀ ਗੱਲ ਹੈ। ਉਨ੍ਹਾਂ ਕਿਹਾ ਇਸ ਮਸਲੇ ਬਾਰੇ ਹਿਮਾਚਲ ਦੇ ਡੀ. ਜੀ. ਪੀ. ਅਤੇ ਮੁੱਖ ਮੰਤਰੀ ਨਾਲ ਗੱਲ ਕਰਕੇ ਜਾਂਚ ਕੀਤੀ ਜਾਵੇਗੀ ਅਤੇ ਆਪਣੇ ਤੌਰ 'ਤੇ ਪੀੜਤ ਦੇ ਬਿਆਨਾਂ ਦੇ ਆਧਾਰ 'ਤੇ ਮਾਮਲਾ ਦਰਜ ਕਰਕੇ ਹਿਮਾਚਲ ਸਰਕਾਰ ਨੂੰ ਭੇਜਾਂਗੇ , ਜੋ ਵੀ ਦੋਸ਼ੀ ਪਾਇਆ ਜਾਵੇਗਾ ਉਸ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਪੰਜਾਬ ਸਰਕਾਰ ਵਲੋਂ ਭਰੋਸਾ ਦਿੰਦਿਆ ਕਿਹਾ ਕਿ ਪੰਜਾਬ ਸਰਕਾਰ ਹਰ ਤਰ੍ਹਾਂ ਦੀ ਸਹਾਇਤਾ ਦੇਣ ਲਈ ਤੁਹਾਡੇ ਨਾਲ ਹੈ। ਉਨ੍ਹਾਂ ਕਿਹਾ ਹਿਮਾਚਲ ਦੀ ਸਰਕਾਰ ਨੂੰ ਲਾਅ ਐਂਡ ਆਰਡਰ ਬਰਕਰਾਰ ਰੱਖੇ ਤਾਂ ਜੋ ਇਸ ਤਰ੍ਹਾਂ ਦੀ ਦੁਬਾਰਾ ਕੋਈ ਘਟਨਾ ਨਾ ਵਾਪਰੇ।



## 'ਥੱਪੜ ਹੀ ਵੱਜਿਆ, ਜ਼ਿੰਦਾ ਏ ਅਜੇ...' ਕੰਗਨਾ ਦੇ ਥੱਪੜ ਕਾਂਡ 'ਤੇ ਕੀ-ਕੀ ਬੋਲ ਗਈ ਸਵਰਾ ਭਾਸਕਰ ?

**ਨਵੀਂ ਦਿੱਲੀ, 16 ਜੂਨ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਏਅਰਪੋਰਟ 'ਤੇ ਕੰਗਨਾ ਰਣੌਤ ਨੂੰ ਇੱਕ ਮਹਿਲਾ CISF ਗਾਰਡ ਨੇ ਥੱਪੜ ਜੜ੍ਹ ਦਿੱਤਾ। ਇਸ ਥੱਪੜ ਦੀ ਗੂੰਜ ਦੇਸ਼-ਵਿਦੇਸ਼ ਤੱਕ ਪਹੁੰਚ ਗਈ। ਹੈਰਾਨੀ ਦੀ ਗੱਲ ਹੈ ਕਿ ਬਹੁਤ ਸਾਰੇ ਲੋਕਾਂ ਨੇ ਥੱਪੜ ਪੈਣ 'ਤੇ ਖੁਸ਼ੀ ਮਨਾਈ ਤੇ ਕਈਆਂ ਨੇ ਇਸ ਨੂੰ ਗਲਤ ਕਰਾਰ ਦਿੱਤਾ। ਇਸ ਥੱਪੜ ਕਾਂਡ ਨੇ ਲੋਕਾਂ ਨੂੰ ਦੋ ਹਿੱਸਿਆਂ ਵਿੱਚ ਵੰਡ ਦਿੱਤਾ। ਹੁਣ ਇਸ ਮਾਮਲੇ 'ਤੇ ਬਾਲੀਵੁੱਡ ਅਦਾਕਾਰਾ ਸਵਰਾ ਭਾਸਕਰ ਨੇ ਆਪਣੀ ਪ੍ਰਤੀਕਿਰਿਆ ਦਿੱਤੀ ਹੈ। ਦਰਅਸਲ ਕੰਗਨਾ ਰਣੌਤ ਨੂੰ ਥੱਪੜ ਮਾਰਨ ਦੀ ਘਟਨਾ ਅਜੇ ਵੀ ਸੁਰਖੀਆਂ ਵਿੱਚ ਹੈ। ਹੁਣ ਤੱਕ ਕਈ ਬਾਲੀਵੁੱਡ ਸਿਤਾਰਿਆਂ ਨੇ ਇਸ ਮਾਮਲੇ 'ਤੇ ਇਤਰਾਜ਼ ਜਤਾਇਆ ਹੈ। ਹੁਣ ਕਨੈਕਟ ਸਿਨੇ ਨੂੰ ਦਿੱਤੇ ਇੱਕ ਇੰਟਰਵਿਊ ਵਿੱਚ ਅਦਾਕਾਰਾ ਸਵਰਾ ਭਾਸਕਰ ਨੇ ਕਿਹਾ ਕਿ ਇਹ ਪੂਰੀ ਤਰ੍ਹਾਂ ਨਾਲ ਗਲਤ ਸੀ ਪਰ ਦੇਸ਼ ਵਿੱਚ ਹੋਰ ਮੁੱਦੇ ਵੀ ਹਨ ਜਿਨ੍ਹਾਂ ਬਾਰੇ ਚਰਚਾ ਹੋਣੀ ਚਾਹੀਦੀ ਹੈ। ਸਵਰਾ ਭਾਸਕਰ ਨੇ ਕਿਹਾ, 'ਕੋਈ ਵੀ ਸਮਝਦਾਰ ਵਿਅਕਤੀ ਕੰਗਨਾ ਨੂੰ ਥੱਪੜ ਮਾਰਨ ਨੂੰ ਸਹੀ ਨਹੀਂ ਕਹੇਗਾ। ਇਸ ਲਈ ਹਾਂ, ਉਸ ਨਾਲ ਜੋ ਵੀ ਹੋਇਆ, ਉਹ ਗਲਤ ਸੀ ਤੇ ਨਹੀਂ ਹੋਣਾ ਚਾਹੀਦਾ ਸੀ। ਕਿਸੇ 'ਤੇ ਹਮਲਾ ਕਰਨਾ ਠੀਕ ਨਹੀਂ ਪਰ ਦੇਸ਼ ਵਿੱਚ ਹੋਰ ਵੀ ਅਹਿਮ ਮੁੱਦੇ ਹਨ, ਜਿਨ੍ਹਾਂ ਨੂੰ ਘੋਖਣ ਦਾ ਹੁਣ ਸਮਾਂ ਆ ਗਿਆ ਹੈ। ਸਵਰਾ ਭਾਸਕਰ ਨੇ ਅੱਗੇ ਕਿਹਾ, 'ਕੰਗਨਾ ਨੂੰ ਥੱਪੜ ਮਾਰਿਆ ਗਿਆ ਤੇ ਅਜਿਹਾ ਨਹੀਂ ਹੋਣਾ ਚਾਹੀਦਾ ਸੀ ਪਰ ਘੱਟੋ-ਘੱਟ ਉਹ ਜ਼ਿੰਦਾ ਹੈ ਤੇ ਉਸ ਦੀ ਸਕਿਊਰਟੀ ਉਸ ਦੇ ਕੋਲ ਹੈ। ਇਸ ਦੇਸ਼ ਵਿੱਚ ਤਾਂ ਕਈ ਲੋਕਾਂ ਦੀਆਂ ਜਾਨਾਂ ਚਲੀਆਂ ਗਈਆਂ ਹਨ। ਉਨ੍ਹਾਂ ਨੂੰ ਕੁੱਟ-ਕੁੱਟ ਕੇ ਮਾਰਿਆ ਗਿਆ ਹੈ। ਰੇਲ ਗੱਡੀ ਵਿੱਚ ਸੁਰੱਖਿਆ ਕਰਮਚਾਰੀਆਂ ਨੇ ਗੋਲੀਆਂ ਮਾਰ ਕੇ ਹੱਤਿਆ ਕੀਤੀ ਹੈ। ਸੁਰੱਖਿਆ ਕਰਮਚਾਰੀਆਂ ਵੱਲੋਂ ਲੋਕਾਂ ਨੂੰ ਕੁੱਟਣ ਦੇ ਕਈ ਮਾਮਲੇ ਸਾਹਮਣੇ ਆਏ ਹਨ। ਜਿਹੜੇ ਲੋਕ ਅਜਿਹੇ ਮਾਮਲਿਆਂ ਨੂੰ ਜਾਇਜ਼ ਠਹਿਰਾਉਂਦੇ ਹਨ, ਉਹ ਕੰਗਨਾ ਦੇ ਥੱਪੜ ਮਾਮਲੇ 'ਤੇ ਇਤਰਾਜ਼ ਨਹੀਂ ਉਠਾ ਸਕਦੇ। ਦੱਸ ਦਈਏ ਕਿ ਸਵਰਾ ਭਾਸਕਰ ਨੇ ਕੰਗਨਾ ਰਣੌਤ ਨਾਲ 'ਤਨੂ ਵੈਡਸ ਮਨੂ' ਤੇ 'ਤਨੂ ਵੈਡਸ ਮਨੂ ਰਿਟਰਨਸ' ਫਿਲਮਾਂ 'ਚ ਕੰਮ ਕੀਤਾ ਹੈ। ਕੰਗਨਾ ਰਣੌਤ ਦੇ ਵਰਕ ਫਰੰਟ ਦੀ ਗੱਲ ਕਰੀਏ ਤਾਂ ਉਹ ਰਾਜਨੀਤੀ ਤੋਂ ਇਲਾਵਾ ਬਾਲੀਵੁੱਡ ਵਿੱਚ ਵੀ ਸਰਗਰਮ ਹੈ। ਹੁਣ ਉਨ੍ਹਾਂ ਦੀ ਅਗਲੀ ਫਿਲਮ ਐਮਰਜੈਂਸੀ ਜਲਦ ਹੀ ਰਿਲੀਜ਼ ਹੋਣ ਜਾ ਰਹੀ ਹੈ। ਇਸ 'ਚ ਅਭਿਨੇਤਰੀ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦਾ ਕਿਰਦਾਰ ਨਿਭਾਉਂਦੀ ਨਜ਼ਰ ਆਵੇਗੀ। ਇਸ ਤੋਂ ਇਲਾਵਾ ਉਸ ਕੋਲ ਹੋਰ ਵੀ ਕਈ ਪ੍ਰੋਜੈਕਟ ਪਾਈਪਲਾਈਨ ਵਿੱਚ ਹਨ।



## ਕਾਂਗਰਸੀ ਪਰਿਵਾਰ ਦੀ ਨੂੰਹ ਬਣੀ 'ਆਮ ਆਦਮੀ ਪਾਰਟੀ' ਦੀ ਮੰਤਰੀ



**ਚੰਡੀਗੜ੍ਹ, 16 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵਿੱਚ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਦਾ ਅੱਜ ਜ਼ੀਰਕਪੁਰ ਵਿੱਚ ਵਿਆਹ ਹੋਣ ਜਾ ਰਿਹਾ ਹੈ। ਅੱਜ ਜ਼ੀਰਕਪੁਰ ਵਿੱਚ ਉਨ੍ਹਾਂ ਦਾ ਵਿਆਹ ਐਡਵੋਕੇਟ ਸ਼ਾਹਬਾਜ਼ ਸਿੰਘ ਦੇ ਨਾਲ ਹੋਵੇਗਾ। ਇਸ ਦੌਰਾਨ ਪੰਜਾਬ ਸਰਕਾਰ ਦੇ ਵਿਧਾਇਕ ਅਤੇ ਕੈਬਨਿਟ ਮੰਤਰੀ ਵਿਆਹ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚਣਗੇ। ਦੱਸ ਦਈਏ ਕਿ ਪਿਛਲੇ ਦਿਨੀਂ ਅਨਮੋਲ ਗਗਨ ਮਾਨ ਦੀਆਂ ਵਿਆਹ ਦੀਆਂ ਰਸਮਾਂ ਹੋਈਆਂ ਸਨ, ਜਿਸ ਦੌਰਾਨ ਉਨ੍ਹਾਂ ਦੀਆਂ ਮਹਿੰਦੀ ਦੀਆਂ ਤਸਵੀਰਾਂ ਵੀ ਸਾਹਮਣੇ ਆਈਆਂ ਸਨ, ਜਿਸ ਵਿੱਚ ਆਪਣੀਆਂ ਸਹੇਲੀਆਂ ਨਾਲ ਮਹਿੰਦੀ ਲਗਵਾ ਰਹੇ ਸਨ ਅਤੇ ਨਾਲ ਹੀ ਕਾਫੀ ਖੂਬਸੂਰਤ ਵੀ ਲੱਗ ਰਹੇ ਸਨ। ਅੱਜ ਉਨ੍ਹਾਂ ਦਾ ਵਿਆਹ ਸ਼ਾਹਬਾਜ ਸਿੰਘ ਨਾਲ ਹੋਵੇਗਾ ਜੋ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਵਕੀਲ ਹਨ। ਉਨ੍ਹਾਂ ਨੇ ਹੱਥਾਂ 'ਤੇ ਲਾੜੇ ਦਾ ਨਾਮ ਲਿਖਵਾਇਆ ਹੈ। ਉੱਥੇ ਹੀ ਅੱਜ ਉਨ੍ਹਾਂ ਦਾ ਵਿਆਹ ਜ਼ੀਰਕਪੁਰ ਦੇ ਇੱਕ ਪੈਲੇਸ ਵਿੱਚ ਹੋਵੇਗਾ। ਚੰਡੀਗੜ੍ਹ ਅਤੇ ਮੋਹਾਲੀ ਵਿੱਚ ਆਪਣਾ ਜ਼ਿਆਦਾਤਰ ਸਮਾਂ ਬਿਤਾਉਣ ਵਾਲੇ ਅਨਮੋਲ ਗਗਨ ਮਾਨ 2022 ਵਿੱਚ ਖਰੜ ਵਿਧਾਨ ਸਭਾ ਤੋਂ ਚੋਣ ਜਿੱਤ ਕੇ ਵਿਧਾਇਕ ਬਣੇ ਸਨ। ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਉਨ੍ਹਾਂ ਨੂੰ ਕੈਬਨਿਟ ਮੰਤਰੀ ਬਣਾਇਆ ਗਿਆ।

## ਆਖਰ ਕਿਸ MP ਨੇ ਕੀਤੀ ਟੋਲ ਪਲਾਜ਼ਾ ਵਾਲਿਆਂ ਨਾਲ 25 ਕਰੋੜ ਦੀ ਡੀਲ ! ਕਿਸਾਨਾਂ ਨੇ ਕੀਤਾ ਲਾਡੋਵਾਲ ਟੋਲ ਪਲਾਜ਼ਾ ਫਰੀ



**ਚੰਡੀਗੜ੍ਹ, 16 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਜਲੰਧਰ-ਪਾਣੀਪਤ ਹਾਈਵੇ 'ਤੇ ਲੁਧਿਆਣਾ ਨੇੜੇ ਬਣੇ ਲਾਡੋਵਾਲ ਟੋਲ ਪਲਾਜ਼ਾ ਨੂੰ ਕਿਸਾਨਾਂ ਨੇ ਫਰੀ ਕਰ ਦਿੱਤਾ ਹੈ। ਇਸ ਤੋਂ ਬਾਅਦ ਕਿਸਾਨਾਂ ਨੇ ਟੋਲ ਬੂਥਾਂ 'ਤੇ ਕਬਜ਼ਾ ਕਰ ਲਿਆ ਹੈ। ਟੋਲ ਕੁਲੈਕਸ਼ਨ ਦੇ ਮੁਲਾਜ਼ਮਾਂ ਨੂੰ ਉੱਥੋਂ ਹਟਾ ਦਿੱਤਾ ਗਿਆ ਹੈ। ਇਸ ਤੋਂ ਬਾਅਦ ਵਾਹਨ ਟੈਕਸ ਅਦਾ ਕੀਤੇ ਬਿਨਾਂ ਹੀ ਲੰਘ ਰਹੇ ਹਨ। ਲਾਡੋਵਾਲ ਟੋਲ ਪਲਾਜ਼ਾ ਨੂੰ ਦੇਸ਼ ਦੇ ਸਭ ਤੋਂ ਮਹਿੰਗੇ ਟੋਲ ਪਲਾਜਿਆਂ ਵਿੱਚ ਗਿਣਿਆ ਜਾਂਦਾ ਹੈ। ਇਸ ਦੌਰਾਨ ਕਿਸਾਨ ਲੀਡਰਾਂ ਨੇ ਦਾਅਵਾ ਕੀਤਾ ਹੈ ਕਿ ਇੱਥੇ ਇੱਕ ਸੰਸਦ ਮੈਂਬਰ ਨੇ ਧਰਨਾ ਦਿੱਤਾ ਸੀ। ਇਸ ਤੋਂ ਬਾਅਦ ਉਹ 25 ਕਰੋੜ ਰੁਪਏ ਲੈ ਕੇ ਵਾਪਸ ਚਲਾ ਗਿਆ। ਕਿਸਾਨਾਂ ਨੇ ਇਸ ਦਾਅਵੇ ਨੇ ਨਵੀਂ ਚਰਚਾ ਛੇੜ ਦਿੱਤੀ ਹੈ। ਸਵਾਲ ਉੱਠ ਰਹੇ ਹਨ ਕਿ ਆਖਰ ਕਿਹੜੇ ਸੰਸਦ ਮੈਂਬਰ ਨੇ 25 ਕਰੋੜ ਰੁਪਏ 'ਚ ਡੀਲ ਕੀਤੀ ਸੀ। ਦਰਅਸਲ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਟੋਲ ਦਰਾਂ ਵਿੱਚ ਵਾਧੇ ਦਾ ਵਿਰੋਧ ਕਰ ਰਹੀ ਹੈ। ਯੂਨੀਅਨ ਦਾ ਕਹਿਣਾ ਹੈ ਕਿ ਇੱਕ ਸਾਲ ਵਿੱਚ ਤੀਜੀ ਵਾਰ ਇਸ ਟੋਲ ਦੇ ਰੇਟ ਵਧਾਏ ਗਏ ਹਨ। ©819 ਦੇ ©8-44 'ਤੇ ਸਥਿਤ ਇਸ ਟੋਲ 'ਚ ਸਭ ਤੋਂ ਵੱਧ ਰੇਟ ਵਸੂਲੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਾਹਨ 'ਤੇ ਫਾਸਟ ਟੈਗ ਨਹੀਂ ਹੁੰਦਾ ਤਾਂ ਉਸ ਨੂੰ ਇੱਕ ਯਾਤਰਾ ਲਈ 430 ਰੁਪਏ ਟੈਕਸ ਦੇਣਾ ਪੈਂਦਾ ਹੈ। ਕਿਸਾਨ ਲੀਡਰਾਂ ਨੇ ਕਿਹਾ ਕਿ ਜੇਕਰ ਲੁਧਿਆਣਾ ਦੇ ਵਸਨੀਕ ਨੇ ਫਿਲੌਰ ਜਾਣਾ ਹੈ ਤਾਂ ਉਸ ਦਾ ਤੇਲ ਦਾ ਖਰਚਾ 200 ਰੁਪਏ ਹੈ ਜਦੋਂਕਿ ਉਸ ਨੂੰ ਟੈਕਸ 400 ਰੁਪਏ ਤੋਂ ਵੱਧ ਦੇਣਾ ਪੈਂਦਾ ਹੈ। ਕਿਸਾਨ ਆਗੂਆਂ ਨੇ ਆਮ ਲੋਕਾਂ ਨੂੰ ਵੀ ਆਪਣੇ ਪ੍ਰਦਰਸ਼ਨ ਵਿੱਚ ਟੋਲ ਪਲਾਜ਼ਾ 'ਤੇ ਪੁੱਜਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਕਿਸਾਨ ਆਗੂਆਂ ਦੀਆਂ ਗੱਡੀਆਂ ਮੁਫ਼ਤ ਲੰਘਦੀਆਂ ਸਨ ਪਰ ਇਹ ਰੋਸ ਲੋਕਾਂ ਦਾ ਹੈ।




pakistan gurdwara yatra

6th november to 16th november 2024
yatra includes 25+ gurudwara sahib darshan .Accommodation in hotels and travel within pakistan and yatra start to finish point in AC coaches

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

£1095

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net


ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛਕੋ
Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
**Khehra**
VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757





We Accept Online & Card Payment


## ਪੰਜਾਬੀ
### ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ — Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ
www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
**Learn Speak Read Write PUNJABI**



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote




ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ॥





## ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿਚ ਪਿੰਡ ਸਲੇਮਪੁਰ ਮਸੰਦਾਂ ਦੀ ਸਮੂੰਹ ਸਾਧ ਸੰਗਤ ਵਲੋਂ ਗੁਰੂ ਨਾਨਕ ਗੁਰਦੁਆਰਾ ਵਾਲਸਾਲ ਰੋਡ ਵਿਲਨਹਾਲ ਵਿਖੇ

# ਧਾਰਮਿਕ ਸਮਾਗਮ 30 ਜੂਨ 2024, ਦਿਨ ਐਤਵਾਰ

ਗੁਰੂ ਪਿਆਰੀ ਸਾਧ ਸੰਗਤ ਜੀਓ, ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿੱਚ ਪਿੰਡ ਸਲੇਮਪੁਰ ਮਸੰਦਾਂ ਦੀ ਸਾਧ ਸੰਗਤ ਦੇ ਸਹਿਯੋਗ ਨਾਲ 30 ਜੂਨ 2024 ਦਿਨ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਸੋ ਸਮੂੰਹ ਸਾਧ ਸੰਗਤ ਅਤੇ ਪਿੰਡ ਸਲੇਮਪੁਰ ਮਸੰਦਾਂ ਦੇ ਨਗਰ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਦੀ ਰੌਣਕ ਵਧਾਉਣ ਲਈ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

## --✶ ਪ੍ਰੋਗਰਾਮ ✶--

☛ ਆਰੰਭ ਸ੍ਰੀ ਆਖੰਡਪਾਠ ਸਾਹਿਬ ਦਿਨ ਸ਼ੁਕਰਵਾਰ 28 ਜੂਨ 2024 ਸਵੇਰੇ 9:00 ਵਜੇ

☛ ਭੋਗ ਸ੍ਰੀ ਆਖੰਡਪਾਠ ਸਾਹਿਬ ਦਿਨ ਐਤਵਾਰ 30 ਜੂਨ 2024 ਸਵੇਰੇ 10 ਵਜੇ

☛ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਕੀਰਤਨ (11.00 ਵਜੇ ਸਵੇਰੇ) ਅਤੇ ਕਥਾ ਦੁਆਰਾ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ

☛ ਤਿੰਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ

"WAHEGURU JI HA KHALSA
WAHEGURU JI KI FATEH"
On the special occasion of
DHAN DHAN BABA DASSA JI'S
70TH ANNUAL MELA
AKHAND PATH SAHIB
at
Guru Nanak Sikh Gurudwara Sahib
65-67 Walsall Rd, Willenhall
WV13 2RD,
United Kingdom

*Your presence is requested to attend as per programme*
*DATES: 28th June 2024 to 30th June 2024*
*28th June*
*Arambh Sri Akhand Path Sahib:9:00am*
*30th June*
*Bhog Sri Akhand Path Sahib: 10:00am*
*Kirtan: 11:00am*
*Langar: After kirtan*
*FROM:*
*ALL SANGAT OF SALEMPUR MASSANDAN*

ਗੁਰਦੁਆਰਾ ਸਾਹਿਬ ਦਾ ਪਤਾ : **Guru Nanak Gurdawara, 65-67 Walsall Road, Willenhall, WV 13 2RD**

30 ਜੂਨ, ਦਿਨ ਐਤਵਾਰ ਨੂੰ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਦੁਨੀਆਂ ਭਰ ਵਿੱਚ ਆਵਾਜ਼ਿ ਕੌਮ ਵੈੱਬ ਟੀ. ਵੀ. 'ਤੇ ਦੇਖਿਆ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM WEB TV

**ਬੇਨਤੀ ਕਰਤਾ : ਇੰਗਲੈਂਡ ਨਿਵਾਸੀ ਸਾਧ ਸੰਗਤ, ਪਿੰਡ ਸਲੇਮਪੁਰ ਮਸੰਦਾਂ ਜ਼ਿਲ੍ਹਾ ਜਲੰਧਰ (ਪੰਜਾਬ)**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
077151-28621

ੴ ਸਤਿਗੁਰ ਪ੍ਰਸਾਦਿ॥

# ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ

ਹੈਡ ਕੁਆਟਰ :

ਦਮਦਮੀ ਟਕਸਾਲ, ਜੱਥਾ ਭਿੰਡਰਾਂ (ਮਹਿਤਾ), ਸ੍ਰੀ ਅੰਮ੍ਰਿਤਸਰ।

## ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ 'ਭਿੰਡਰਾਂਵਾਲੇ'

ਮੁਖੀ ਦਮਦਮੀ ਟਕਸਾਲ, ਜੱਥਾ ਭਿੰਡਰਾਂ (ਮਹਿਤਾ) ਸੰਪਰਕ : 99158-00904

## ਸੱਦਾ ਪੱਤਰ

# 40ਵਾਂ ਸਲਾਨਾ ਸ਼ਹੀਦੀ ਜੋੜ ਮੇਲਾ

**21-22-23 ਜੂਨ 2024 ਦਿਨ ਸ਼ੁਕਰ-ਸ਼ਨੀ-ਐਤਵਾਰ ਨੂੰ**

## ਗੁਰਦੁਆਰਾ ਗੁਰੂ ਨਾਨਕ ਸਿੱਖ ਅਕੈਡਮੀ ਵਿਖੇ

ਸਪਰਿੰਗਫੀਲਡ ਰੋਡ, Hayes, UB4 OLT (UK) ਵਿਖੇ **ਮਨਾਇਆ ਜਾਵੇਗਾ।**

ਪਰਮ ਸਤਿਕਾਰਯੋਗ........ ਯੂ ਕੇ ਦੀ ਸਮੂਹ ਸਾਧਸੰਗਤ ........ ਜੀਓ!

ਆਪ ਜੀ ਨੂੰ ਸਨਿਮਰ ਬੇਨਤੀ ਕੀਤੀ ਜਾਂਦੀ ਹੈ ਕਿ ਦਮਦਮੀ ਟਕਸਾਲ ਦੇ 14ਵੇਂ ਮੁਖੀ, ਵੀਹਵੀਂ ਸਦੀ ਦੇ ਮਹਾਨ ਜਰਨੈਲ, ਪੰਥ ਰਤਨ, ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ 'ਭਿੰਡਰਾਂਵਾਲਿਆਂ ਅਤੇ ਉਹਨਾਂ ਨਾਲ ਸ਼ਹੀਦ ਹੋਏ ਸਮੂਹ ਸ਼ਹੀਦਾਂ ਦੀ ਯਾਦ ਵਿੱਚ 40 ਵਾਂ ਸ਼ਹੀਦੀ ਸਮਾਗਮ ਗੁਰਦੁਆਰਾ ਗੁਰੂ ਨਾਨਕ ਸਿੱਖ ਅਕੈਡਮੀ ਸਪਰਿੰਗਫੀਲਡ (ਯੂ.ਕੇ.) ਵਿਖੇ ਮਨਾਇਆ ਜਾ ਰਿਹਾ ਹੈ।

**ਸੋ ਆਪ ਜੀ ਨੇ 21-22-23 ਜੂਨ 2024 ਦੇ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।**

**ਦਾਸ ਆਪ ਜੀ ਦਾ ਅਤੀ ਧੰਨਵਾਦੀ ਹੋਵੇਗਾ।**

ਗੁਰੂ ਪੰਥ ਦਾ ਦਾਸ

ਹਰਨਾਮ ਸਿੰਘ ਖਾਲਸਾ

ਮੁਖੀ ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ, ਪ੍ਰਧਾਨ ਸੰਤ ਸਮਾਜ

ਅੰਮ੍ਰਿਤ ਕੰਪਿਊਟਰਜ਼, ਜਲੰਧਰ। 9872239775

ਆਵਾਜ਼ਿ ਕੌਮ AWAZE QAUM International Newspaper & WEB TV




ਬੇਨਤੀ ਕਰਤਾ: ਵਾਰਿਸ ਪੰਜਾਬ ਦੇ 'ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ(UK)


ਦਮਦਮੀ ਟਕਸਾਲ ਵੱਲੋ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁਧ ਪਾਠ ਬੋਧ ਸਮਾਗਮ
ਅਰੰਭ 20 July 2024 ਤੋ 18 August 2024 ਤੱਕ
ਭਾਗ ਲੈਣ ਵਾਲੇ ਗੁਰਸਿੱਖਾਂ ਨੂੰ ਬੇਨਤੀ ਹੈ ਕੇ ਚਿੱਟੇ ਹਜੂਰੀਏ ਲਿਓਣ ਦੀ ਕਿਰਪਾਲਤਾ ਕਰਨ । ਸੋਮਵਾਰ ਤੇ ਸ਼ੁੱਕਰਵਾਰ ਸਮਾ 6pm ਤੋ 9pm । ਸ਼ਨੀਵਾਰ ਤੇ ਐਤਵਾਰ ਸਮਾ 2pm ਤੋ 3.30pm ਅਤੇ 4pm ਤੋ 6pm । ਦਮਦਮੀ ਟਕਸਾਲ ਦੇ facebook page, youtube channel ਅਤੇ sangat tv ਤੇ ਸਿਧਾ ਪ੍ਰਸਾਰਨ ਕੀਤਾ ਜਾਵੇਗਾ । ਵਧੇਰੇ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰੋ ।
GURDWARA SRI GUR HAR RAI SAHIB JI
128 HIGH STREET, WEST BROMWICH (IN UNIT), UK
07454 023 665
07940 368926
07478 804 044


ਅੰਮ੍ਰਿਤ ਛਕੋ
ਸ੍ਰੀ ਅਕਾਲ ਸਹਾਇ
ਸਿੰਘ ਸਜੋ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ
ਗੁਰਮਤਿ ਸਿਖਲਾਈ ਕੈਂਪ- 2024
ਮਿਤੀ 2 ਜੂਨ ਤੋਂ 30 ਜੂਨ ਤੱਕ ਰੋਜ਼ਾਨਾ
ਗੁਰਦੁਆਰਾ ਗੁਰੂ ਨਾਨਕ ਪੁਰਾ ਨਾਰਨੌਲ - ਸਵੇਰੇ 09:00 ਤੋਂ 11:00 ਵਜੇ ਤੱਕ
ਗੁਰਦੁਆਰਾ ਕਿਰਾਰੋਦ ਨਾਰਨੌਲ - ਸ਼ਾਮ 05:00 ਤੋਂ 07:00 ਵਜੇ ਤੱਕ
ਇਸ ਕੈਂਪ ਵਿੱਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁੱਧ ਉਚਾਰਣ ਅਤੇ ਗੁਰਮੁਖੀ ਲਿਪੀ ਦੀ ਜਾਣਕਾਰੀ ਦਿੱਤੀ ਜਾਵੇਗੀ।
ਵਿਸ਼ੇਸ਼ - ਕੈਂਪ ਦੀ ਸਮਾਪਤੀ ਤੋਂ ਉਪਰੰਤ 30 ਜੂਨ 2024 ਨੂੰ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ।
ਜਿਸ ਵਿੱਚ ਕਥਾਵਾਚਕ, ਢਾਡੀ, ਕਵੀਸ਼ਰ ਅਤੇ ਹਜੂਰੀ ਰਾਗੀ ਜਥੇ ਹਾਜਰੀ ਭਰਨਗੇ। ਇਸ ਤੋਂ ਉਪਰੰਤ ਬੱਚਿਆਂ ਅਤੇ ਪ੍ਰਬੰਧਕਾਂ ਨੂੰ ਸਨਮਾਨਿਤ ਕੀਤਾ ਜਾਵੇਗਾ।
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਤਜਿੰਦਰਪਾਲ ਸਿੰਘ ਨਾਰਨੌਲ
ਅੰਤ੍ਰਿੰਗ ਕਮੇਟੀ ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ :- ਸਮੂਹ ਸਾਧ ਸੰਗਤ ਨਾਰਨੌਲ ਅਤੇ ਸਕੱਤਰ ਧਰਮ ਪ੍ਰਚਾਰ (ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ)

ਦੇਗ ਤੇਗ ਫਤਿਹ

ਪੰਥ ਕੀ ਜੀਤ

ਅੰਮ੍ਰਿਤ ਛਕੋ – ਸਿੰਘ ਸਜੋ

ਵਿੱਦਿਆ ਸਭ ਦਾ ਮਾਣ ਹੈ, ਵਿੱਦਿਆ ਦਿੰਦੀ ਗਿਆਨ ॥
ਵਿੱਦਿਆ ਪੜ੍ਹੀਏ ਚਿੱਤ ਲਾ, ਵਿੱਦਿਆ ਦੇਈਏ ਦਾਨ ॥

ਧਰਮ ਪ੍ਰਚਾਰ ਕਮੇਟੀ H.S.G.M.C ਕੁਰੁਕਸ਼ੇਤਰ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ

# ਗੁਰਮਤਿ ਸਿਖਲਾਈ ਕੈਂਪ–2024

ਇਸ ਕੈਂਪ ਵਿਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁੱਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁਧ ਉਚਾਰਣ, ਸਿਖ ਇਤਿਹਾਸ ਦੀ ਜਾਣਕਾਰੀ, ਗੁਰਬਾਣੀ ਕੰਠ ਕੀਰਤਨ ਦੀ ਸਿਖਲਾਈ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼੍ਰੀ ਅਖੰਡ ਪਾਠ, ਸਹਿਜ ਪਾਠ, ਸਪਤਾਹਿਕ ਸਹਿਜ ਪਾਠ ਕਰਨ ਦੇ ਨਿਯਮ ਬਾਰੇ ਜਾਣਕਾਰੀ ਦਿਤੀ ਜਾਵੇਗੀ । ਅਤੇ ਦਸਤਾਰ ਸਜਾਉਣ ਦੀ ਸਿਖਲਾਈ ਦਿਤੀ ਜਾਵੇਗੀ ।

**ਇਹ ਗੁਰਮਤਿ ਕੈਂਪ ਗੁ: ਬੰਗਲਾ ਸਾਹਿਬ, ਰੋਹਤਕ ਵਿਖੇ 26 ਮਈ ਤੋਂ 29 ਜੂਨ 2024 ਤਕ ਰੋਜ਼ਾਨਾ ਸ਼ਾਮ 4:00 ਵਜੇ ਤੋਂ 7:00 ਵਜੇ ਤਕ ਚਲੇਗਾ ।**

ਗੁਰਮਤਿ ਕੈਂਪ ਦੀ ਸਮਾਪਤੀ 30 ਜੂਨ 2024 ਐਤਵਾਰ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸਵੇਰੇ 10 ਤੋਂ 1:00 ਵਜੇ ਤਕ ਹੋਵੇਗੀ । ਜਿਸ ਵਿਚ ਬਚਿਆਂ ਦੁਆਰਾ ਕੀਰਤਨ, ਸਿੱਖ ਇਤਿਹਾਸ ਅਤੇ ਗੁਰਬਾਣੀ ਪ੍ਰਤਿਯੋਗਤਾ ਹੋਵੇਗੀ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨੀ ਲਗਾਇਆ ਜਾਵੇਗਾ ।

ਸਮਾਪਤੀ ਉਪਰੰਤ ਕਲਗੀਧਰ ਪਿਤਾ ਅੰਮ੍ਰਿਤਦਾਤਾ ਦੀ ਬਖਸ਼ੀਸ਼ ਅੰਮ੍ਰਿਤ ਸੰਚਾਰ ਕੀਤਾ ਜਾਵੇਗਾ ।

ਨੋਟ : ਨੌਜਵਾਨ ਬੱਚੇ ਤੇ ਬੱਚੀਆਂ ਨੂੰ ਕੇਸਾਂ ਦੀ ਬੇਅਦਬੀ ਤੇ ਨਸ਼ਿਆਂ ਤੋਂ ਦੂਰ ਰਖਣ ਲਈ ਗੁਰਮਤਿ ਕੈਂਪ ਵਿੱਚ ਜਰੂਰ ਭੇਜੋ ਜੀ

ਗੁਰਚਰਨ ਸਿੰਘ ਖਾਲਸਾ ਇੰਚਾਰਜ ਗੁਰਮਤਿ ਕਲਾਸਿਸ



## ਅੰਮ੍ਰਿਤ ਸੰਚਾਰ

ਮਿਤੀ 30 ਜੂਨ 2024 ਦਿਨ ਐਤਵਾਰ ਦੁਪਹਿਰ 12:30 ਵਜੇ

ਨੋਟ : ਕਕਾਰ ਮੁਫਤ ਦਿੱਤੇ ਜਾਣਗੇ



ਸ. ਭੁਪਿੰਦਰ ਸਿੰਘ ਜੀ ਅਸੰਧ (ਪ੍ਰਧਾਨ H.S.G.M.C.)



ਸ: ਹਰਭਜਨ ਸਿੰਘ ਰਾਠੌਰ ਮੈਂਬਰ H.S.G.M.C. M. 9896003836



ਜ: ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ H.S.G.M.C.

ਬੇਨਤੀ ਕਰਤਾ : ਸਕਤਰ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੇਂਟ ਕਮੇਟੀ
ਮੈਨੇਜਰ, ਗੁਰਦੁਆਰਾ ਬੰਗਲਾ ਸਾਹਿਬ, ਰੋਹਤਕ (ਹਰਿਆਣਾ)
ਸੰਪਰਕ ਨੰ: 9813230906, 9728715453, 9896828411, 9896003836, 9911325568

* Arun Printers, Quilla Mohalla, Rohtak. Ph. 9896455615



ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ। ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਆਵਾਜ਼ਿ ਕੌਮ
AWAZE QAUM
International Newspaper & WEB TV
ਕੈਨੇਡਾ ਦੀ ਧਰਤੀ 'ਤੇ
ਭਾਰਤੀ ਸਟੇਟ ਵੱਲੋਂ
18 ਜੂਨ 2023 ਨੂੰ
ਕਤਲ ਕੀਤੇ ਗਏ
ਹਰ-ਦਿਲ ਅਜ਼ੀਜ਼
ਸ਼ਹੀਦ
ਭਾਈ ਹਰਦੀਪ ਸਿੰਘ
ਨਿੱਝਰ
ਦੇ ਪਹਿਲੇ ਸ਼ਹੀਦੀ ਦਿਹਾੜੇ ਮੌਕੇ
18 ਜੂਨ
ਸਮਾਂ 11 ਵਜੇ
ਪੰਥਕ ਸਮਾਗਮ
ਗੁ: ਸੰਤੋਖਸਰ ਸਾਹਿਬ, ਅੰਮ੍ਰਿਤਸਰ
ਦਲ ਖ਼ਾਲਸਾ

### ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਵਿਖੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ

# ਲੜੀਵਾਰ ਗੁਰਬਾਣੀ ਕਥਾ ਵਿਆਖਿਆ ਦੀ ਹਾਜ਼ਰੀ ਭਰੀ


## ਵੱਡੀ ਗਿਣਤੀ 'ਚ ਗੁਰਬਾਣੀ ਕਥਾ ਵਿਆਖਿਆ ਸੁਣ ਕੇ ਸੰਗਤਾਂ ਨੇ ਲਿਆ ਲਾਹਾ











ਅੱਜ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਵਿਖੇ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਦੀ ਹਾਜ਼ਰੀ ਭਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਹਾਜ਼ਰ ਸਿੱਖ ਸੰਗਤ।

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ

# ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵੱਖ-ਵੱਖ ਥਾਵਾਂ ਤੇ ਸਕੂਲੀ ਵਿਦਿਆਰਥੀਆਂ ਦੇ ਗੁਰਮਤਿ ਕੈਂਪ ਲਗਾਏ ਗਏ



ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵੱਖ-ਵੱਖ ਥਾਵਾਂ ਤੇ ਸਕੂਲੀ ਵਿਦਿਆਰਥੀਆਂ ਦੇ ਗੁਰਮਤਿ ਕੈਂਪ ਚੱਲ ਰਹੇ ਹਨ ਜਿਸ ਦੌਰਾਨ ਗੁਰਦੁਆਰਾ ਪੰਜੋਖਰਾ ਸਾਹਿਬ ਪਾਤਸ਼ਾਹੀ 8ਵੀਂ ਅੰਬਾਲਾ ਵਿਖੇ ਗੁਰਮਤਿ ਕੈਂਪ ਦੀ ਸਮਾਪਤੀ 15 ਜੂਨ ਨੂੰ ਹੋਈ ਜਿਸ ਵਿੱਚ 500 ਦੇ ਕਰੀਬ ਬੱਚੇ ਬੱਚੀਆਂ ਨੇ ਭਾਗ ਲਿਆ ਜਿਨਾਂ ਨੂੰ ਸਨਮਾਨ ਪੱਤਰ ਸੁਦਰਸ਼ਨ ਸਿੰਘ ਅੰਬਾਲਾ ਸੀਨੀਅਰ ਮੀਤ ਪ੍ਰਧਾਨ,ਸੁਖਵਿੰਦਰ ਸਿੰਘ ਮੰਡੇਬਰ ਜਨਰਲ ਸਕੱਤਰ,ਤਰਵਿੰਦਰਪਾਲ ਸਿੰਘ ਅੰਬਾਲਾ ਅੰਤ੍ਰਿੰਗ ਮੈਂਬਰ,ਕੁਲਦੀਪ ਸਿੰਘ ਭਾਣੋਖੇੜੀ ਮੀਤ ਸਕੱਤਰ ਧਰਮ ਪ੍ਰਚਾਰ,ਗੁਰਜੋਤ ਸਿੰਘ ਨਲਵੀ ਪ੍ਰਚਾਰਕ,ਭਾਈ ਬੂਟਾ ਸਿੰਘ ਮੁੱਖ ਗ੍ਰੰਥੀ,ਹਰਵਿੰਦਰ ਸਿੰਘ ਰੁਕਸਾਨਾ ਮੈਨੇਜਰ,ਗਿ: ਰਣਜੀਤ ਸਿੰਘ ਕਥਾਵਾਚਕ,ਪ੍ਰਿੰਸੀਪਲ ਸੁਖਦੇਵ ਸਿੰਘ ਵੱਲੋਂ ਵੰਡੇ ਗਏ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਏਅਰ ਫੋਰਸ ਚੋਂ ਰਿਟਾਇਰ ਅਵਤਾਰ ਸਿੰਘ ਪੰਨੂੰ ਧੀਰੇਕੋਟ ਦੀ ਮਾਤਾ ਦੀ ਸ਼ਰਧਾਂਜਲੀ ਮੌਕੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਚਾਚਾ ਸੁਖਚੈਨ ਸਿੰਘ ਨੇ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ

# ਮਾਂ ਐਸਾ ਰਿਸਤਾ ਹੈ ਵੱਖ-ਵੱਖ ਕਿਰਦਾਰ ਨਿਭਾਉਂਦਾ ਹੈ ਪਹਿਲਾਂ ਧੀ ਫਿਰ ਪਤਨੀ ਫਿਰ ਮਾਂ : ਬਾਬਾ ਬਿਬੇਕ





**ਜੰਡਿਆਲਾ ਗੁਰੂ, 16 ਜੂਨ ( ਕੁਲਵੰਤ ਸਿੰਘ ਵਿਰਦੀ )**-ਉੱਘੇ ਸਮਾਜ ਸੇਵਕ ਅਤੇ ਏਅਰ ਫੋਰਸ ਵਿੱਚੋਂ ਰਿਟਾਇਰ ਸਰਦਾਰ ਅਵਤਾਰ ਸਿੰਘ ਪੰਨੂੰ ਧੀਰੇਕੋਟ ਜੀ ਦੇ ਸਤਿਕਾਰਯੋਗ ਮਾਤਾ ਸ਼੍ਰੀਮਤੀ ਦਰਸ਼ਨ ਕੌਰ ਜੀ ਬੀਤੇ ਦਿਨ ਆਕਾਲ ਪੁਰਖ ਵੱਲੋਂ ਮਿਲੀ ਸੁਆਸਾਂ ਦੀ ਪੂੰਜੀ ਨੂੰ ਭੋਗਦੇ ਹੋਏ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਕਹਿ ਕਿ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਅੱਜ ਮਾਤਾ ਜੀ ਦੀ ਰੂਹ ਕਲਿਆਣ ਵਾਸਤੇ ਪਰਸੋਂ ਰੋਜ਼ ਤੋ ਆਰੰਭ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਭੋਗ ਤੋਂ ਉਪਰੰਤ ਰਾਗੀ ਸਿੰਘਾਂ ਵੱਲੋਂ ਵੈਰਾਗਮਈ ਕੀਰਤਨ ਕਰਕੇ ਸੰਗਤਾਂ ਨੂੰ ਪ੍ਰਮਾਤਮਾ ਦਾ ਹੁਕਮ ਮੰਨਣ ਲਈ ਪ੍ਰੇਰਿਤ ਕੀਤਾ ਗਿਆ ਕੀਰਤਨ ਦੀ ਸਮਾਪਤੀ ਤੋਂ ਉਪਰੰਤ ਗੁਰੂ ਘਰ ਦੇ ਗ੍ਰੰਥੀ ਸਿੰਘ ਭਾਈ ਸਾਹਿਬ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਮਾਤਾ ਦਰਸ਼ਨ ਕੌਰ ਜੀ ਦੇ ਪ੍ਰਥਾਏ ਰੂਹ ਦੀ ਕਲਿਆਣ ਲਈ ਅਰਦਾਸ ਬੇਨਤੀ ਕੀਤੀ ਗਈ ਇਸ ਮੌਕੇ ਅੰਤਿਮ ਅਰਦਾਸ਼ ਤੇ ਸ਼ਰਧਾਂਜਲੀ ਸਮਾਰੋਹ ਚ ਸ਼ਾਮਿਲ ਹੋਏ ਰਿਸਤੇਦਾਰ,ਸੁਨੇਹੀਆਂ ਵੱਲੋਂ ਮਾਤਾ ਦਰਸ਼ਨ ਕੌਰ ਨੂੰ ਯਾਦ ਕਰਦਿਆਂ ਹੋਇਆਂ ਸ਼ਰਧਾ ਦੇ ਫੁੱਲ ਭੇਂਟ ਕੀਤੇ ਇਸ ਸੋਗਮਈ ਸਮਾਰੋਹ ਵਿੱਚ ਉਚੇਚੇ ਤੌਰ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬੀਬੇਕ ਸਿੰਘ ਜੀ ਨੇ ਹਾਜ਼ਰੀ ਲਗਵਾਈ ਬਾਬਾ ਬਿਬੇਕ ਸਿੰਘ ਜੀ ਨੇ ਮਾਤਾ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਹੋਇਆਂ ਕਿਹਾ ਕਿ ਮਾਂ ਪੁੱਤ ਦਾ ਰਿਸ਼ਤਾ ਪ੍ਰਮਾਤਮਾ ਤੇ ਭਗਤ ਵਰਗਾ ਹੁੰਦਾ ਹੈ ਅਤੇ ਮਾਂ ਦੇ ਵਿਛੜ ਜਾਣ ਨਾਲ ਇਨਸਾਨ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪੈ ਜਾਂਦਾ ਹੈ ਕਿਉਂਕਿ ਇਸ ਮਾਂ ਨੇ ਪਹਿਲਾਂ ਇੱਕ ਧੀ ਦਾ ਫਰਜ਼ ਨਿਭਾਇਆ ਅਤੇ ਫਿਰ ਪਤਨੀ ਦਾ ਅਤੇ ਫਿਰ ਮਾਂ ਦਾ ਰਿਸ਼ਤਾ ਨਿਭਾਇਆ ਅਤੇ ਸਿਆਣੀ ਮਾਂ ਸਾਰੀ ਉਮਰ ਆਪਣੇ ਆਪ ਲਈ ਕੁੱਝ ਨਹੀਂ ਕਰਦੀ ਆਪਣੇ ਬੱਚਿਆਂ ਦੀ ਜ਼ਿੰਦਗੀ ਬਣਾਉਣ ਲਈ ਆਪਣਾ ਆਪ ਗੁਆ ਦਿੰਦੀ ਹੈ ਅਤੇ ਮਾਂ ਇੱਕ ਐਸਾ ਰਿਸਤਾ ਹੈ ਜੋ ਵੱਖ ਵੱਖ ਕਿਰਦਾਰਾਂ ਕਰਕੇ ਪ੍ਰਮਾਤਮਾ ਨੇ ਮਾਂ ਨੂੰ ਰੱਬ ਦਾ ਦੂਜਾ ਰੂਪ ਦਿੱਤਾ ਹੈ ਆਖਿਰ ਵਿੱਚ ਬਾਬਾ ਬਿਬੇਕ ਸਿੰਘ ਜੀ ਨੇ ਮਾਤਾ ਦਰਸ਼ਨ ਕੌਰ ਜੀ ਨੂੰ ਸਰਧਾ ਦੇ ਫੁੱਲ ਭੇਟ ਕੀਤੇ ਅਤੇ ਕਿਹਾ ਕਿ ਮਾਤਾ ਦਰਸ਼ਨ ਕੌਰ ਜੀ ਨੂੰ ਪ੍ਰਮਾਤਮਾ ਆਪਣੇ ਚਰਨਾਂ ਚ ਨਿਵਾਸ ਬਖਸ਼ਣ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਇਸ ਮੌਕੇ ਤੇ ਰਿਸਤੇਦਾਰ, ਸੱਜਣ ਮਿੱਤਰ, ਸਿਆਸੀ ਆਗੂਆਂ, ਧਾਰਮਿਕ ਸਖਸ਼ੀਅਤਾਂ, ਤੇ ਸਮਾਜ ਸੇਵਕ, ਤੋਂ ਇਲਾਵਾ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਚਾਚਾ ਭਾਈ ਸੁਖਚੈਨ ਸਿੰਘ ਜੀ ਅਤੇ ਅਮਨਦੀਪ ਸਿੰਘ ਡੱਡੂਆਣਾ ਨੇ ਮਾਤਾ ਜੀ ਦੇ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ ਤੇ ਸ਼ਰਧਾਂਜਲੀ ਸਮਾਰੋਹ ਚ ਸ਼ਾਮਲ ਹੋਏ।

ਖਾਲਸਾ ਬਲੱਡ ਡੋਨੇਟ ਯੂਨਿਟੀ ( ਰਜਿ. ) ਵਲੋਂ

# ਵਿਸ਼ਾਲ ਖੂਨਦਾਨ ਕੈਂਪ ਲਗਾਇਆ

**ਚੌਕ ਮਹਿਤਾ, 16 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੀਮਤੀ ਪਾਰਵਤੀ ਦੇਵੀ ਹਸਪਤਾਲ ਬਲੱਡ ਸੈਂਟਰ ਯੂਨਿਟ-2 ਯਾਸੀਨ ਰੋਡ, ਨੇੜੇ ਮੋਹਨ ਇੰਟਰਨੈਸ਼ਨਲ ਹੋਟਲ , ਰਿਆਲਟੋ ਚੌਂਕ , ਅੰਮ੍ਰਿਤਸਰ ਵਿਖੇ ਬਲੱਡ ਬੈਂਕ ਨੂੰ 3 ਸਾਲ ਹੋਣ ਤੇ ਸਭ ਤੋਂ ਪਹਿਲੋਂ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ ਉਪਰੰਤ ਸ਼ਬਦ ਕੀਰਤਨ ਕੀਤਾ ਗਿਆ ਤੇ ਗੁਰੂ ਕੇ ਲੰਗਰ ਵਰਤਾਏ ਗਏ ।ਇਸਦੇ ਨਾਲ ਵਰਲਡ ਬਲੱਡ ਡੋਨਰ ਡੇਅ ਨੂੰ ਮੁੱਖ ਰੱਖਦਿਆਂ ਖਾਲਸਾ ਬਲੱਡ ਡੋਨੇਟ ਯੂਨਿਟੀ ਰਜ਼ਿ ਵੱਲੋਂ ਵਿਸ਼ਾਲ ਖੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਨੌਜ਼ਵਾਨਾਂ ਨੇ ਬੜੇ ਉਤਸ਼ਾਹ ਨਾਲ ਖੂਨਦਾਨ ਕੀਤਾ ।ਯੂਨਿਟੀ ਵੱਲੋਂ ਖੂਨਦਾਨੀ ਵੀਰਾਂ ਨੂੰ ਖਾਸ ਤੌਰ ਤੇ ਪੌਦਿਆ ਦੇ ਨਾਲ ਸਨਮਾਨਿਤ ਕੀਤਾ ਗਿਆ ।ਖਾਲਸਾ ਬਲੱਡ ਡੋਨੇਟ ਯੂਨਿਟੀ ਦੇ ਪ੍ਰਧਾਨ ਸ੍ਰ ਅਮਨਦੀਪ ਸਿੰਘ ਜੀ ਅਤੇ ਬਲੱਡ ਬੈਂਕ ਦੇ ਡਾਇਰੈਕਟਰ ਜਗਪ੍ਰੀਤ ਸਿੰਘ ਧਾਮੀ, ਮੋਹਿਤ ਸ਼ਰਮਾਂ , ਤੇ ਅਰਵੀ ਮਹਿਤਾ ਜੀ ਨੇ ਖੂਨਦਾਨੀ ਵੀਰਾਂ ਦਾ ਧੰਨਵਾਦ ਕੀਤਾ ।ਉਨਾਂ ਦੇ ਨਾਲ ਸਮਾਜ ਸੇਵਕ ਡਾ ਸਰਬਜੀਤ ਸਿੰਘ ਭੁੱਲਰ , ਹਰਜੋਤ ਸਿੰਘ ਖਾਲਸਾ , ਗੁਰਪ੍ਰੀਤ ਸਿੰਘ ਗੋਪੀ , ਰਮਨੀਕ ਸਿੰਘ , ਮਨਦੀਪ ਸਿੰਘ ਮੰਨੂੰ ,ਰਾਜਾ ਬਾਠ, ਸਰਬਜੀਤ ਸਿੰਘ ਸਾਬੀ , ਹਰਜੋਤ ਸਿੰਘ ਭੁੱਲਰ, ਜੱਜਪ੍ਰੀਤ ਸਿੰਘ, ਮਨਜਿੰਦਰ ਸਿੰਘ, ਸ਼ੁੱਭ ,ਆਦਿ ਹਾਜ਼ਰ ਸਨ।




# ਗਧੇ ਦੀ ਮਾਂ ਦੀ ਸਮਾਧ



ਇੱਕ ਸਮਾਧ ਤੇ ਇੱਕ ਫਕੀਰ ਰਹਿੰਦਾ ਸੀ। ਸੈਂਕੜੇ ਸ਼ਰਧਾਲੂ ਉਸ ਸਮਾਧ 'ਤੇ ਆ ਕੇ ਦਾਨ ਭੇਂਟਾ ਚੜਾਉਂਦੇ ਸਨ। ਉਨ੍ਹਾਂ ਸ਼ਰਧਾਲੂਆਂ ਵਿੱਚ ਇੱਕ ਬੰਜਾਰਾ ਵੀ ਸੀ। ਉਹ ਬਹੁਤ ਗ.ਰੀਬ ਸੀ, ਫਿਰ ਵੀ ਨੇਮ ਅਨੁਸਾਰ ਉਹ ਆ ਕੇ ਮੱਥਾ ਟੇਕਦਾ, ਫ਼ਕੀਰ ਦੀ ਸੇਵਾ ਕਰਦਾ ਅਤੇ ਫਿਰ ਆਪਣੇ ਕੰਮ 'ਤੇ ਜਾਂਦਾ, ਉਸ ਦਾ ਕੱਪੜੇ ਵੇਚਣ ਦਾ ਕੰਮ ਸੀ, ਮੋਢਿਆਂ 'ਤੇ ਕੱਪੜਿਆਂ ਦਾ ਭਾਰੀ ਡੱਗੀ (ਪੋਟਲੀ) ਚੁੱਕ ਕੇ ਸਵੇਰ ਤੋਂ ਸ਼ਾਮ ਤੱਕ ਗਲੀਆਂ ਵਿੱਚ ਫੇਰੀ ਲਗਾਉਂਦਾ ਸੀ।

ਇੱਕ ਦਿਨ ਫਕੀਰ ਨੂੰ ਉਸ ਉੱਤੇ ਤਰਸ ਆ ਗਿਆ ਤਾਂ ਉਸ ਨੇ ਆਪਣਾ ਗਧਾ ਉਸਨੂੰ ਭੇਂਟ ਕਰ ਦਿੱਤਾ। ਹੁਣ ਬੰਜਾਰੇ ਦੀਆਂ ਅੱਧੀਆਂ ਸਮੱਸਿਆਵਾਂ ਹੱਲ ਹੋ ਗਈਆਂ। ਉਹ ਸਾਰੇ ਕੱਪੜੇ ਗਧੇ 'ਤੇ ਲੱਦ ਦਿੰਦਾ ਸੀ ਅਤੇ ਜਦੋਂ ਉਹ ਤੁਰਦੇ ਤੁਰਦੇ ਥੱਕ ਜਾਂਦਾ ਤਾਂ ਖੁਦ ਵੀ ਗਧੇ 'ਤੇ ਬੈਠ ਜਾਂਦਾ।

ਕੁਝ ਮਹੀਨੇ ਇਸੇ ਤਰ੍ਹਾਂ ਸੁੱਖ ਦੇ ਲੰਘ ਗਏ ਪਰ ਇਕ ਦਿਨ ਗਧਾ ਮਰ ਗਿਆ। ਬੰਜਾਰਾ ਬਹੁਤ ਦੁਖੀ ਹੋਇਆ, ਉਸਨੇ ਉਸ ਨੂੰ ਇੱਕ ਟਿੱਲੇ ਤੇ ਚੰਗੀ ਜਿਹੀ ਥਾਂ ਦੇਖ ਕੇ ਦਫ਼ਨਾ ਦਿੱਤਾ ਤੇ ਉੱਥੇ ਉਸ ਦੀ ਕਬਰ ਬਣਾ ਕੇ ਫੁੱਟ-ਫੁੱਟ ਕੇ ਰੋਣ ਲੱਗਾ।

ਜਦੋਂ ਕੋਲੋਂ ਲੰਘ ਰਹੇ ਇੱਕ ਰਾਹਗੀਰ ਨੇ ਇਹ ਦ੍ਰਿਸ਼ ਦੇਖਿਆ ਤਾਂ ਉਸ ਨੇ ਸੋਚਿਆ ਕਿ ਜਰੂਰ ਇਹ ਕਿਸੇ ਪਹੁੰਚੇ ਹੋਏ ਫਕੀਰ ਦੀ ਸਮਾਧ ਹੋਵੇਗੀ ਅਤੇ ਇੱਥੇ ਬੈਠ ਕੇ ਰੋਣ ਵਾਲਾ ਇਹ ਬੰਦਾ ਜਰੂਰ ਉਸਦਾ ਚੇਲਾ ਹੈ ਜੋ ਆਪਣੇ ਗੁਰੂ ਦੇ ਦੁੱਖ 'ਚ ਰੋ ਰਿਹਾ ਹੈ। ਇਹ ਸੋਚ ਕੇ, ਉਸ ਆਦਮੀ ਨੇ ਕਬਰ 'ਤੇ ਮੱਥਾ ਟੇਕਿਆ, ਕੋਈ ਸੁੱਖਣਾ ਸੁੱਖੀ, ਕੁਝ ਪੈਸੇ ਭੇਟ ਕੀਤੇ ਅਤੇ ਉੱਥੋਂ ਚਲਾ ਗਿਆ।

ਕੁਦਰਤੀਂ ਕੁਝ ਦਿਨਾਂ ਬਾਅਦ ਉਸ ਆਦਮੀ ਦੀ ਇੱਛਾ ਪੂਰੀ ਹੋ ਗਈ। ਉਸ ਨੇ ਖੁਸ਼ੀ ਦੇ ਮਾਰੇ ਸਾਰੇ ਪਿੰਡ ਵਿੱਚ ਢੰਡੋਰਾ ਪਿੱਟ ਦਿੱਤਾ ਕਿ ਫਲਾਣੀ ਥਾਂ ਇੱਕ ਪਹੁੰਚੇ ਹੋਏ ਫਕੀਰ ਦੀ ਸਮਾਧ ਹੈ। ਉਥੇ ਜਾ ਕੇ ਜੋ ਵੀ ਅਰਦਾਸ ਕਰੋ, ਉਹ ਪੂਰੀ ਹੋ ਜਾਂਦੀ ਹੈ। ਮਨ ਦੀਆਂ ਮੁਰਾਦਾਂ ਪੂਰੀਆਂ ਹੁੰਦੀਆਂ ਹਨ।

ਉਸ ਦਿਨ ਤੋਂ ਹੀ ਉਸ ਕਬਰ 'ਤੇ ਭਗਤਾਂ ਦਾ ਤਾਂਤਾ ਲੱਗਣਾ ਸ਼ੁਰੂ ਹੋ ਗਿਆ। ਦੂਰ-ਦੂਰ ਤੋਂ ਸ਼ਰਧਾਲੂ ਆਪਣੀਆਂ ਮਨੋਕਾਮਨਾਵਾਂ ਲੈ ਕੇ ਆਉਣ ਲੱਗੇ। ਬੰਜਾਰੇ ਦੀ ਚਾਂਦੀ ਹੋ ਗਈ, ਉਹ ਬਹੁਤ ਅਮੀਰ ਹੋ ਗਿਆ, ਬੈਠੇ ਬੈਠੇ ਉਸਨੂੰ ਕਮਾਈ ਦਾ ਸਾਧਨ ਲੱਭ ਗਿਆ ਸੀ।

ਇਕ ਦਿਨ ਉਹੀ ਫਕੀਰ ਜਿਸ ਨੇ ਆਪਣਾ ਖੋਤਾ ਬੰਜਾਰੇ ਨੂੰ ਭੇਟ ਕੀਤਾ ਸੀ, ਉਥੋਂ ਲੰਘ ਰਿਹਾ ਸੀ। ਬੰਜਾਰੇ ਨੇ ਉਸ ਨੂੰ ਦੇਖਦੇ ਹੀ ਉਸ ਦੇ ਪੈਰ ਫੜ ਲਏ ਅਤੇ ਬੋਲਿਆ, "ਤੁਹਾਡੇ ਗਧੇ ਨੇ ਮੇਰੀ ਜ਼ਿੰਦਗੀ ਬਣਾ ਦਿੱਤੀ ਹੈ, ਜਦੋਂ ਤੱਕ ਉਹ ਜਿਉਂਦਾ ਸੀ, ਉਸ ਨੇ ਮੇਰੇ ਕੰਮ ਵਿਚ ਮੇਰੀ ਮਦਦ ਕੀਤੀ ਅਤੇ ਮਰਨ ਤੋਂ ਬਾਅਦ ਮੇਰੀ ਰੋਜ਼ੀ-ਰੋਟੀ ਦਾ ਪੱਕਾ ਸਾਧਨ ਬਣ ਗਿਆ ਹੈ।"

ਫਕੀਰ ਹੱਸ ਕੇ ਬੋਲਿਆ, "ਭਗਤਾ! ਜਿਸ ਸਮਾਧ 'ਤੇ ਤੂੰ ਰੋਜ਼ ਮੱਥਾ ਟੇਕਣ ਆਉਂਦਾ ਸੀ, ਉਹ ਇਸ ਗਧੇ ਦੀ ਮਾਂ ਦੀ ਸਮਾਧ ਸੀ।" ਸੋ ਇਹ ਸੰਸਾਰ ਇਸ ਤਰ੍ਹਾਂ ਹੀ ਚੱਲ ਰਿਹਾ ਹੈ।

# ਪੱਤਰਕਾਰ ਸੰਦੀਪ ਜੈਨ ਦੀ ਬੇਵਕਤੀ ਮੌਤ ਨਾਲ ਜੈਨ ਪ੍ਰੀਵਾਰ ਨੂੰ ਗਹਿਰਾ ਸਦਮਾ



**ਜੰਡਿਆਲਾ ਗੁਰੂ, 16 ਜੂਨ ( ਕੁਲਵੰਤ ਸਿੰਘ ਵਿਰਦੀ)**-ਪੱਤਰਕਾਰ ਦੇ ਖੇਤਰ ਵਿੱਚੋਂ ਜੰਡਿਆਲਾ ਪ੍ਰੈਸ ਕਲੱਬ ਨਾਲ ਸਬੰਧਤ ਮੈਂਬਰ ਪੱਤਰਕਾਰ ਸੰਦੀਪ ਜੈਨ ਜੰਡਿਆਲਾ ਗੁਰੂ ਉਮਰ ਕਰੀਬ 42 ਸਾਲ ਜੋ ਲੰਮੇ ਸਮੇਂ ਤੋਂ ਜ਼ਿੰਦਗੀ ਤੇ ਮੌਤ ਨਾਲ ਜੂਝ ਰਹੇ ਸਨ ਪਰ ਬੀਤੇ ਦਿਨ ਜਿੰਦਗੀ ਦੀ ਜੰਗ ਹਾਰਦੇ ਹੋਏ ਆਪਣੀ ਸੰਸਾਰਕ ਯਾਤਰਾ ਨੂੰ ਪੂਰਾ ਕਰਦਿਆਂ ਹੋਇਆਂ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਕਹਿ ਕੇ ਪ੍ਰੀਵਾਰ ਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ । ਅੱਜ ਉਨ੍ਹਾਂ ਦੇ ਮਿਰਤਕ ਸਰੀਰ ਦੇ ਅੰਗੀਠੇ ਨੂੰ ਸਮੂਹ ਪਰਿਵਾਰ, ਰਿਸ਼ਤੇਦਾਰਾਂ ਅਤੇ ਜੰਡਿਆਲਾ ਵਾਸੀਆਂ ਵੱਲੋਂ 11.30 ਦੇ ਕਰੀਬ ਅਗਨਭੇਟ ਕਰ ਦਿੱਤਾ ਗਿਆ। ਇਸ ਦੁੱਖ ਦੀ ਘੜੀ ਵਿੱਚ ਪੱਤਰਕਾਰ ਭਾਈਚਾਰੇ ਨੇ ਸਮੂਹ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਕਿਹਾ ਕਿ ਵਾਹਿਗੁਰੂ ਵਿਛੜੀ ਹੋਈ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ, ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਇਸ ਸਬੰਧੀ ਜੰਡਿਆਲਾ ਪ੍ਰੈਸ ਕਲੱਬ ਦੇ ਪ੍ਰਧਾਨ ਵਰਿੰਦਰ ਸਿੰਘ ਮਲਹੋਤਰਾ ਨੇ ਫੋਨ ਤੇ ਗੱਲਬਾਤ ਦੌਰਾਨ ਕਿਹਾ ਕਿ ਮੈਂ ਪੰਜਾਬ ਤੋਂ ਬਾਹਰ ਹਾਂ ਲੇਕਿਨ ਸਾਡੇ ਵੀਰ ਪੱਤਰਕਾਰ ਸੰਦੀਪ ਜੈਨ ਦਾ ਬੇਵਕਤੀ ਹੋਈ ਮੌਤ ਬਾਰੇ ਪਤਾ ਚੱਲਿਆ ਇਹ ਖ਼ਬਰ ਸੁਣ ਕੇ ਬਹੁਤ ਦੁੱਖ ਲੱਗਾ ਸੰਦੀਪ ਜੈਨ ਜੰਡਿਆਲਾ ਪ੍ਰੈਸ ਕਲੱਬ ਦੇ ਮੈਂਬਰ ਸਨ ਅਤੇ ਬਹੁਤ ਹੀ ਪਿਆਰੇ ਮਿਠ ਬੋਲੜੇ ਅਤੇ ਸ਼ਾਂਤਮਈ ਸੁਭਾਅ ਦੇ ਮਾਲਕ ਸਨ। ਮੈਂ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਕਰਦਾ ਹਾਂ ਕਿ ਵਾਹਿਗੁਰੂ ਜੀ ਪ੍ਰੀਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

# ਜਨਮ ਦਿਨ ਮੁਬਾਰਕ



ਪ੍ਰਬਲ ਸਿੰਘ ਚੌਹਾਨ ਦੇ ਜਨਮਦਿਨ ਦੀਆਂ ਸਮੂਹ ਰਿਸ਼ਤੇਦਾਰਾਂ ਤੇ ਸਨੇਹੀਆਂ ਨੂੰ ਵਧਾਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

### ਤੀਜੇ ਘੱਲੂਘਾਰੇ ਦੇ ਸ਼ਹੀਦ

# ਭਾਈ ਬਲਦੇਵ ਸਿੰਘ ਜੇਠੂਵਾਲ ਦੀ 40ਵੀਂ ਬਰਸੀ ਮਨਾਈ









**ਅੰਮ੍ਰਿਤਸਰ, 16 ਜੂਨ (ਆਵਾਜ਼ਿ ਕੌਮ ਬਿਊਰੋ)**- ਜੂਨ 1984 ਤੀਜੇ ਘੱਲੂਘਾਰੇ ਦੌਰਾਨ ਸ਼ਹਾਦਤ ਦਾ ਜਾਮ ਪੀਣ ਵਾਲੇ ਸਮੂਹ ਸ਼ਹੀਦ ਸਿੰਘ/ਸਿੰਘਣੀਆਂ ਭੁਝੰਗੀਆ ਦੀ ਯਾਦ ਅੰਦਰ ਸ਼ਹੀਦ ਭਾਈ ਬਲਦੇਵ ਸਿੰਘ ਜੀ ਦੀ 40ਵੀਂ ਬਰਸੀ ਉਨ੍ਹਾਂ ਦੇ ਜੱਦੀ ਪਿੰਡ ਜੇਠੂਵਾਲ ਵਿਖੇ ਗੁਰਦੁਆਰਾ ਸ਼ਹੀਦਾਂ ਸਾਹਿਬ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਸਾਧ ਸੰਗਤ ਦੇ ਸਹਿਯੋਗ ਸਦਕਾ ਮਨਾਈ ਗਈ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਢਾਡੀ ਨਿਰਮਲ ਸਿੰਘ ਜੀ ਦੇ ਜਥੇ ਵਲੋਂ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ ਗਿਆ । ਉਪਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਐਗਜੈਕਟਿਵ ਮੈਂਬਰ




ਜਥੇਦਾਰ ਗੁਰਮੇਜ ਸਿੰਘ ਸ਼ਹੂਰਾ ਵਲੋਂ ਪੰਥ ਦੀ ਅਜੋਕੀ ਖੁਆਰੀ ਤੇ ਭਾਵਪੂਰਤ ਵਿਚਾਰ ਰੱਖੇ ।ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਗੱਜਣ ਸਿੰਘ ਜਥੇਦਾਰ ਬਲਵਿੰਦਰ ਸਿੰਘ ਜੋਧਪੁਰੀ ਸ਼ਮਸ਼ੇਰ ਸਿੰਘ ਜੇਠੂਵਾਲ ਵਲੋਂ ਸ਼ਹੀਦ ਭਾਈ ਬਲਦੇਵ ਸਿੰਘ ਜੀ ਦੀ ਸਪੁੱਤਰੀ ਜਸਬੀਰ ਕੌਰ ਅਤੇ ਪਰਿਵਾਰ ਦਾ ਸਨਮਾਨ ਕੀਤਾ ਗਿਆ ।ਸਟੇਜ ਸੈਕਟਰੀ ਦੀ ਭੂਮਿਕਾ ਸ਼ਮਸ਼ੇਰ ਸਿੰਘ ਵਲੋਂ ਨਿਭਾਈ ਗਈ । ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜੂਰੀ ਰਾਗੀ ਭਾਈ ਸਕਿੰਦਰ ਸਿੰਘ,ਜਥੇਦਾਰ ਗੁਰਮੇਜ ਸਿੰਘ ਸ਼ਹੂਰਾ,ਜਥੇਦਾਰ ਵਿਰਸਾ ਸਿੰਘ ਜੋਧਪੁਰੀ ਸ਼ਮਸ਼ੇਰ ਸਿੰਘ ਜੇਠੂਵਾਲ,ਜਥੇਦਾਰ ਬਲਵਿੰਦਰ ਸਿੰਘ ਯੋਧਪੁਰੀ,ਜਥੇਦਾਰ ਹਰਪਾਲ ਸਿੰਘ ਬੁੱਟਰ,ਪ੍ਰੋਫੈਸਰ ਸ਼ਮਸ਼ੇਰ ਸਿੰਘ,ਸੈਨਿਕ ਆਗੂ ਤਸਵੀਰ ਸਿੰਘ ਫੌਜੀ,ਵਜੀਰ ਸਿੰਘ ਮੂਧਲ,ਤਰਸੇਮ ਸਿੰਘ, ਜਤਿੰਦਰ ਸਿੰਘ, ਦਿਲਬਾਗ ਸਿੰਘ,ਇੰਸਪੈਕਟਰ ਕਸ਼ਮੀਰ ਸਿੰਘ, ਮੁਖਵਿੰਦਰ ਸਿੰਘ ਫੌਜੀ ਆਦਿ ਹਾਜਰ ਸਨ। ਇਸ ਮੌਕੇ ਸਿੱਖ ਪ੍ਰਚਾਰਕ ਡਾ ਗੁਰਦੀਪ ਸਿੰਘ ਜੰਗਬੀਰ ਵੀ ਵਿਸ਼ੇਸ਼ ਤੌਰ ਤੇ ਹਾਜਰ ਸਨ।

### ਖਾਲਸਾ ਪੰਥ ਤੇ ਪੰਜਾਬ ਦੇ ਭਲੇ ਲਈ

# ਖੇਤਰੀ ਪਾਰਟੀ ਦਾ ਮਜਬੂਰ ਹੋਣਾ ਬੇਹੱਦ ਜਰੂਰੀ : ਕਰਨੈਲ ਸਿੰਘ ਪੀਰਮੁਹੰਮਦ





**ਲੰਡਨ, 16 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੂੰ ਲੰਡਨ ਵਿਖੇ ਸਿੱਖ ਆਗੂ ਸ੍ਰ ਗੁਰਮੇਲ ਸਿੰਘ ਮੱਲੀ , ਸ੍ਰ ਹਰਜੀਤ ਸਿੰਘ ਸਰਪੰਚ , ਸ੍ਰ ਗੁਰਬਚਨ ਸਿੰਘ ਅਟਵਾਲ , ਸ੍ਰ ਬਲਵਿੰਦਰ ਸਿੰਘ ਪੱਟੀ , ਨੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਹਾਲ ਇੰਗਲੈਂਡ ਵਿਖੇ ਸਿਰਪਾਓ ਦੀ ਬਖਸਿਸ਼ ਨਾਲ ਉਹਨਾਂ ਦੀਆ ਖਾਲਸਾ ਪੰਥ ਪ੍ਰਤੀ ਚੰਗੀਆ ਸੇਵਾਵਾ ਸਦਕਾ ਵਿਸੇਸ਼ ਸਨਮਾਨ ਦੇਕੇ ਨਿਵਾਜਿਆ ਗਿਆ ਇਸ ਮੌਕੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਉਹਨਾਂ ਦਾ ਜੀਵਨ ਸਿੱਖ ਕੌਮ ਅਤੇ ਪੰਜਾਬ ਨੂੰ ਸਮਰਪਿਤ ਹੈ ਤੇ ਆਖਰੀ ਸਾਹਾ ਤੱਕ ਉਹ ਕੌਮ ਦੀ ਅਵਾਜ ਬਣਕੇ ਆਪਣਾ ਯੋਗਦਾਨ ਸਿੱਖ ਕੌਮ ਦੀ ਚੜਦੀ ਕਲਾ ਲਈ ਪਾਉਂਦੇ ਰਹਿਣਗੇ । ਪੀਰਮੁਹੰਮਦ ਨੇ ਕਿਹਾ ਕਿ ਪੰਜਾਬ ਦੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਪ੍ਰਤੀ ਵਿਦੇਸ਼ ਵੱਸਦੇ ਸਿੱਖਾ ਅਤੇ ਪੰਜਾਬੀਆ ਦਾ ਨਜਰੀਆ ਬਦਲਣ ਲਈ ਬਹੁਤ ਕੁੱਝ ਚੰਗਾ ਕਰਨ ਦੀ ਬੇਹੱਦ ਲੋੜ ਹੈ ਹਰ ਕੋਈ ਚਾਹੁੰਦਾ ਹੈ ਕਿ ਸਾਡੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਹਰ ਪੱਖੋ ਮਜਬੂਰ ਹੋਵੇ । ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਇੰਟਰਨੈਸ਼ਨਲ ਸਟੂਡੈਂਟਸ ਨਾਲ ਵੀ ਮੁਲਾਕਾਤਾ ਕੀਤੀਆ ਉਹਨਾਂ ਕਿਹਾ ਕਿ ਉਹ ਮਹਿਸੂਸ ਕਰਦੇ ਹਨ ਕਿ ਸਾਡੀ ਨੌਜਵਾਨ ਪੀੜੀ ਨੂੰ ਉਚ ਪੜ੍ਹਾਈ ਪੰਜਾਬ ਵਿੱਚ ਰਹਿਕੇ ਕਰਨੀ ਬੇਹੱਦ ਜਰੂਰੀ ਹੈ ਉਸ ਤੋ ਬਾਅਦ ਹਾਇਰ ਐਜੂਕੇਸ਼ਨ ਲੈਣ ਦੇ ਨਾਲ ਨਾਲ ਹੁਨਰਮੰਦ ਹੋਣਾ ਬੇਹੱਦ ਜਰੂਰੀ ਹੈ । ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਉਹ 18 ਜੂਨ ਨੂੰ ਬਰਮਿੰਘਮ ਵਿਖੇ ਅਕਾਲੀ ਵਰਕਰਾ ਤੇ ਅਹੁੱਦੇਦਾਰਾ ਦੀ ਮੀਟਿੰਗ ਲੈਣਗੇ ਜਿਸ ਵਿੱਚ ਸਾਰਿਆ ਦੇ ਸੁਝਾਅ ਲੈਣਗੇ।

# ਗੁ: ਗੁਰੂ ਕੀ ਬੇਰ ਸਾਹਿਬ ਸਮਾਗਮ 22 ਜੂਨ ਨੂੰ : ਸੰਤ ਬਾਬਾ ਸੱਜਣ ਸਿੰਘ ਜੀ



**ਚੌਕ ਮਹਿਤਾ, 18 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਬੋਪਾਰਾਏ ਮੱਤੇਵਾਲ ਦੇ ਮੁੱਖੀ ਸੰਤ ਬਾਬਾ ਸੱਜਣ ਸਿੰਘ ਜੀ ਅਗਵਾਈ ਹੇਠ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਅਵਤਾਰ ਪੁਰਬ ਦੀਆਂ ਖੁਸੀਆਂ ਵਿੱਚ 22 ਜੂਨ 2024 ( 9ਹਾੜ) ਦਿਨ ਸ਼ਨੀਵਾਰ ਨੂੰ ਸਵੇਰੇ ਵੱਲ ਵਜੇ ਤੋਂ 12 ਤੱਕ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਗੁਬਿੰਦ ਉੱਤੇ ਸੋਨੇ ਦੇ ਕਲਛ ਦੀ ਸੇਵਾ ਸਮੂਹ ਇਲਾਕਾ ਨਿਵਾਸੀ ਸੰਗਤਾ ਸਹਿਯੋਗ ਨਾਲ ਕੀਤੀ ਜਾਵੇਗੀ। ਆਪ ਜੀ ਬੇਨਤ ਹੈਂ ਕਿ ਸਮਾਗਮ ਵਿੱਚ ਸ਼ਾਮਿਲ ਹੋਣ ਕਿਰਪਾਲਤਾ ਕਰਨੀ ਦੀ ਇਸ ਦੌਰਾਨ ਗੁਰੂ ਜੀ ਕਾ ਲੰਗਰ ਅਟੁੱਟ ਵਰਤੇਗਾ।

# ਸਿੱਖ ਵਿਰੋਧੀਆਂ ਅਤੇ ਫਿਰਕਾਪ੍ਰਸਤ ਤਾਕਤਾਂ ਦਾ ਤਾਂ ਹਮੇਸ਼ਾ ਇਹ ਕੰਮ ਰਿਹਾ ਕਿ...



### ਵਿਚਾਰ ਆਪੋ-ਆਪਣਾ

ਮੈਂ ਹੈਰਾਨ ਹੁੰਦਾ ਹਾਂ ਉਹਨਾਂ ਲੋਕਾਂ ਦੀ ਛੋਟੀ ਸੋਚ ਉੱਪਰ ਜੋ ਇਹ ਪ੍ਰਚਾਰਣ ਉੱਪਰ ਜੁੱਟੇ ਹੋਏ ਹਨ ਕਿ ਅੰਮ੍ਰਿਤਪਾਲ ਦੀ ਜਿੱਤ ਪਿੱਛੇ ਭਾਰਤੀ ਏਜੰਸੀਆਂ ਜਾਂ ਭਾਜਪਾ ਦੀ ਸ਼ਾਜਿਸ਼ ਹੈ ।ਇੱਕ ਪਾਸੇ ਪੂਰੇ ਦੇਸ਼ ਦਾ ਫ਼ਿਰਕਾਪ੍ਰਸਤ ਮੀਡੀਆ ਖਡੂਰ ਸਾਹਿਬ ਤੇ ਫਰੀਦਕੋਟ ਦੀ ਜਿੱਤ ਤੋ ਬੁਖਲਾਇਆ ਪਿਆ ।ਇਹਨਾਂ ਜਿੱਤਾਂ ਨੂੰ ਲੈ ਕੇ ਦੇਸ਼ ਦੀ ਅਖੰਡਤਾ ਨੂੰ ਖਤਰੇ ਦੀ ਦੁਹਾਈ ਪਾਈ ਜਾ ਰਹੀ ਹੈ ।ਰਿਬੇਰੋ ਵਰਗਾ ਆਦਮੀ ਜਿਸ ਨੇ ਸਾਡੇ ਖ਼ੂਨ ਨਾਲ ਹੌਲੀ ਖੇਡੀ ਸੀ ,ਉਹ ਪੰਜਾਬ ਦੀਆਂ ਇਹਨਾਂ ਦੋ ਜਿੱਤਾਂ ਅਤੇ ਜੰਮੂ ਕਸ਼ਮੀਰ ਵਿੱਚ ਹੋਈ ਜਿੱਤ ਲਈ ਲੰਬੇ ਲੰਬੇ ਆਰਟੀਕਲ ਲਿਖ ਕੇ ਪੂਰੇ ਦੇਸ਼ ਨੂੰ ਖ਼ਬਰਦਾਰ ਕਰ ਰਿਹਾ ਹੈ ।ਚਲੋ ਸਿੱਖ ਵਿਰੋਧੀਆਂ ਅਤੇ ਫਿਰਕਾਪ੍ਰਸਤ ਤਾਕਤਾਂ ਦਾ ਤਾਂ ਹਮੇਸ਼ਾ ਇਹ ਕੰਮ ਰਿਹਾ ਕਿ ਉਹ ਅਜਿਹਾ ਭੰਮਲਭੂਸਾ ਪੈਦਾ ਕਰਕੇ ਸਿੱਖ ਕੌਮ ਨੂੰ ਆਪਣੇ ਮਕਸਦ ਤੋਂ ਭਟਕਾਉਣ ਲਈ ਉਹਨਾਂ ਵਿੱਚ ਵੰਡੀਆਂ ਪਾਉਣ ਦੀਆਂ ਸ਼ਾਜਿਸ਼ਾ ਰੱਚਣ ।ਪਰ ਜਦੋ ਆਪਣੇ ਆਪ ਨੂੰ ਪੰਥਕ ਅਤੇ ਆਜ਼ਾਦੀ ਸਮਰਥਕ ਅਖਵਾਉਣ ਵਾਲੇ ਵੀ ਆਪਣੀ ਆਵਾਜ਼ ਨੂੰ ਸਿੱਖ ਵਿਰੋਧੀਆਂ ਦੀ ਸੁਰ ਵਿੱਚ ਮਿਲਾ ਕੇ ਬੋਲਣ ਲੱਗ ਪੈਣ ਤਾਂ ਸਿਰ ਚੱਕਰਾਉਣ ਲੱਗ ਪੈਂਦਾ ਹੈ ।ਇਸ ਵਕਤ ਏਜੰਸੀਆਂ ਦਾ ਇਹ ਪੂਰਾ ਜ਼ੋਰ ਲੱਗਾ ਕਿ ਇਸ ਜਿੱਤ ਦੇ ਬਣੇ ਪ੍ਰਭਾਵ ਨੂੰ ਨੁਕਸਾਨ ਪਹੁੰਚਾਇਆ ਜਾਵੇ ਅਤੇ ਉਹ ਅਜਿਹਾ ਕਰਨ ਲਈ ਮਨਘੜਤ ਅਫਵਾਹਾਂ ਫੈਲਾਉਣ ਲਈ ਸਥਾਪਤੀ ਵਿੱਚਲੇ ਆਪਣੇ ਹੱਥਧੋਕਿਆਂ ,ਧੜੇਬੰਦਕ ਬਿਰਤੀ ਦੇ ਗ੍ਰਸੇ ਲੋਕਾਂ ਅਤੇ ਵਿਚਾਰਧਾਰਕ ਵਿਰੋਧੀਆਂ ਨੂੰ ਪੂਰੀ ਚਲਾਕੀ ਨਾਲ ਵਰਤ ਰਹੀਆ ਹਨ ।ਮੇਰਾ ਬੀਤੇ ਦੀ ਲਹਿਰ ਦਾ ਤਜਰਬਾ ਦਰਸਾਉਂਦਾ ਕਿ ਏਜੰਸੀਆਂ ਕਿਸੇ ਆਗੂ ਜਾਂ ਜੱਥਬੰਦੀ ਦੀ ਕਿਰਦਾਰਕੁਸ਼ੀ ਕਰਨ ਲਈ ਜਾਂ ਫਿਰ ਕਿਸੇ ਵੱਡੀ ਪ੍ਰਾਪਤੀ ਦੇ ਪ੍ਰਭਾਵ ਨੂੰ ਖਤਮ ਕਰਨ ਲਈ ਅਜਿਹੀਆਂ ਚਾਲਾਂ ਅਕਸਰ ਚੱਲਦੀਆ ਸਨ ।ਇੱਥੋਂ ਤੱਕ ਕਿ ਇੰਦਰਾ ਗਾਧੀ ਦੇ ਕਤਲ ਨੂੰ ਏਜੰਸੀਆਂ ਵੱਲੋਂ ਆਪ ਕਰਵਾਈ ਘਟਨਾ ਦਰਸਾਉਣ ਦੀ ਸਟੋਰੀ ਤੱਕ ਪ੍ਰਚਾਰੀ ਗਈ ਸੀ ।ਮੈ 1980 ਤੋਂ 1995 ਤੱਕ ਲਹਿਰ ਵਿੱਚ ਸਰਗਰਮ ਰਿਹਾ ਅਤੇ 1995 ਤੋਂ 2005 ਤੱਕ ਮਨੁੱਖੀ ਅਧਿਕਾਰਾਂ ਦੇ ਖੇਤਰ ਵਿੱਚ ਰਿਹਾ ਹਾਂ ,ਪਰ ਮੈਂ ਕਦੇ ਨਹੀਂ ਦੇਖਿਆ ਕਿ ਸਰਕਾਰ ਜਾਂ ਏਜੰਸੀਆਂ ਆਪਣੀ ਕਿਸੇ ਗੁਪਤ ਯੋਜਨਾ ਜਾਂ ਸ਼ਾਜਿਸ ਨੂੰ ਆਪ ਨੰਗਾ ਕਰਦੀ ਹੋਵੇ ।ਪਰ ਮੈਂ ਅਕਸਰ ਦੇਖਦਾ ਰਿਹਾ ਕਿ ਕਿਸੇ ਆਗੂ ਜਾਂ ਜੱਥਬੰਦੀ ਦੇ ਕਿਰਦਾਰ ਨੂੰ ਵਿਗਾੜਣ ਲਈ ਸਟੇਟ ਸ਼ਥਾਪਤੀ ਵਿੱਚਲੇ ਆਪਣੇ ਹੱਥਧੋਕਿਆਂ ਅਤੇ ਧੜੇਬੰਦਕ ਬਿਰਤੀਆਂ ,ਵਿਚਾਰਧਾਰਕ ਵਿਰੋਧੀਆਂ ਅਤੇ ਰੰਜਿਸ਼ਾਂ ਦੇ ਸ਼ਿਕਾਰ ਲੋਕਾਂ ਰਾਹੀਂ ਅਫਵਾਹਾਂ ਫੈਲਾਉਣ ਦੀਆਂ ਸ਼ਾਜਿਸ਼ਾਂ ਨੂੰ ਇਸਤੇਮਾਲ ਕਰਦੀ ਰਹੀ ਹੈ ।ਹੁਣ ਜਦੋਂ ਆਮ ਸਿੱਖਾਂ ਨੇ ਅੰਮ੍ਰਿਤਪਾਲ ਦੇ ਹੱਕ ਵਿੱਚ ਐਡਾ ਵੱਡਾ ਫੱਤਵਾ ਦੇ ਦਿੱਤਾ ਹੈ ਤਾਂ ਘੱਟੋ ਘੱਟ ਸਾਡੇ ਆਪਣੇ ਇਹਨਾਂ ਅਫਵਾਹਾਂ ਨੂੰ ਫੈਲਾਅ ਰਹੇ ਲੋਕਾਂ ਕੋਲ ਐਨਾ ਸਬਰ ਤਾਂ ਹੋਣਾ ਹੀ ਚਾਹੀਦਾ ਕਿ ਉਹ ਅੰਮ੍ਰਿਤਪਾਲ ਦੀ ਰਿਹਾਈ ਤੱਕ ਉਡੀਕ ਕਰਨ ਅਤੇ ਬਾਹਰ ਆ ਕੇ ਉਸ ਵੱਲੋਂ ਕੀਤੀਆਂ ਜਾਣ ਵਾਲੀਆਂ ਸਰਗਰਮੀਆਂ ਨੂੰ ਦੇਖ ਕੇ ਉਸ ਬਾਰੇ ਰਾਏ ਬਣਾਉਣ ।ਸ਼ਾਇਦ ਇਸ ਝੂਠੇ ਪ੍ਰਚਾਰ ਵਿੱਚ ਜੁੱਟੇ ਲੋਕਾਂ ਦੀ ਇਸ ਬੇਸਬਰੀ ਭਰੀ ਬੁਖਲਾਹਟ ਦਾ ਕਾਰਨ ਇਹ ਵੀ ਹੈ ਕਿ ਰਵਾਇਤੀ ਅਕਾਲੀਆਂ ਸਮੇਤ ਛੋਟੇ-ਛੋਟੇ ਪੰਥਕ ਗੁੱਟਾਂ ਨੂੰ ਇਹ ਫ਼ਿਕਰ ਹੈ ਕਿ ਅੰਮ੍ਰਿਤਪਾਲ ਦੀ ਸਥਾਪਤੀ ਉਹਨਾਂ ਦੀ ਹੋਂਦ ਨੂੰ ਖਤਮ ਕਰ ਦੇਵੇਗੀ ।ਏਸੇ ਇਹ ਲੋਕ ਅਸਲੀਅਤ ਨੂੰ ਸਮਝਦੇ ਹੋਏ ਵੀ ਏਜੰਸੀਆਂ ਵੱਲੋਂ ਅੰਮ੍ਰਿਤਪਾਲ ਦੀ ਕਿਰਦਾਰਕੁਸ਼ੀ ਦੀਆਂ ਅਫਵਾਹਾਂ ਫੈਲਾਉਣ ਦਾ ਜ਼ਰੀਆ ਬਣ ਰਹੇ ਹਨ ।ਸਿੱਖ ਸੰਗਤਾਂ ਨੂੰ ਇਸ ਮਾਮਲੇ ਵਿੱਚ ਸੁਚੇਤ ਹੋ ਕੇ ਪਹਿਰਾ ਦੇਣ ਦੀ ਲੋੜ ਹੈ ।(ਅਮਰੀਕ ਸਿੰਘ ਮੁਕਤਸਰ)

# ਬਹੁਤ ਲੋਕ ਹਾਈ ਬਲੱਡ ਪ੍ਰੈਸ਼ਰ ਤੋਂ ਪੀੜਤ ਤਾਂ ਹਨ ਪਰ ਕਈਆਂ ਨੂੰ ਪਤਾ ਹੀ ਨਹੀਂ - ਡਾ ਭੰਡਾਰੀ


**ਸੰਗਰੂਰ, 16 ਜੂਨ - (ਆਵਾਜ਼ਿ ਕੌਮ ਬਿਊਰੋ)**-ਵਿਗੜਦੀ ਜੀਵਨ ਸ਼ੈਲੀ ਅਤੇ ਵਧਦੇ ਕੰਮ ਦੇ ਬੋਝ ਕਾਰਨ ਲੋਕ ਇਨ੍ਹੀਂ ਦਿਨੀਂ ਕਈ ਸਮੱਸਿਆਵਾਂ ਦਾ ਸ਼ਿਕਾਰ ਹੋ ਰਹੇ ਹਨ। ਇਨ੍ਹੀਂ ਦਿਨੀਂ ਸ਼ੂਗਰ, ਬੀਪੀ ਵਰਗੀਆਂ ਸਮੱਸਿਆਵਾਂ ਆਮ ਹੋ ਗਈਆਂ ਹਨ, ਜਿਸ ਕਾਰਨ ਬਹੁਤ ਸਾਰੇ ਲੋਕ ਪ੍ਰੇਸ਼ਾਨ ਹਨ। ਹਾਈਪਰਟੈਨਸ਼ਨ ਵੀ ਇਨ੍ਹਾਂ ਸਮੱਸਿਆਵਾਂ ਵਿੱਚੋਂ ਇੱਕ ਹੈ, ਜੋ ਕਈ ਵਾਰ ਸਟ੍ਰੋਕ, ਦਿਲ ਅਤੇ ਗੁਰਦਿਆਂ ਦੀਆਂ ਬਿਮਾਰੀਆਂ ਦਾ ਕਾਰਨ ਬਣ ਜਾਂਦੀ ਹੈ। ਇਹ ਜਾਣਕਾਰੀ ਦੋ ਵਾਰ ਸਟੇਟ ਐਵਾਰਡ ਨਾਲ ਸਨਮਾਨਿਤ ਨੈਚਰੋਪੈਥਿਕ ਡਾਕਟਰ ਹਰਪ੍ਰੀਤ ਸਿੰਘ ਭੰਡਾਰੀ ਨੇ ਸਥਾਨਕ ਕਿਸ਼ਨਪੁਰਾ ਵਿਖੇ ਸਿਹਤ ਸਬੰਧੀ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਦਿੱਤੀ, ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਸ ਗੱਲ ਦਾ ਪਤਾ ਹੋਣਾ ਚਾਹੀਦਾ ਹੈ ਕਿ ਹਾਈ ਬਲੱਡ ਪ੍ਰੈਸ਼ਰ ਦੀ ਸਮੱਸਿਆ ਨੂੰ ਡਾਕਟਰੀ ਭਾਸ਼ਾ ਵਿੱਚ ਹਾਈਪਰਟੈਨਸ਼ਨ ਕਿਹਾ ਜਾਂਦਾ ਹੈ, ਇਸ ਬਿਮਾਰੀ ਦੇ ਕਈ ਕਾਰਨ ਹੋ ਸਕਦੇ ਹਨ, ਜਿਨ੍ਹਾਂ ਵਿੱਚ ਮਾੜੀ ਜੀਵਨ ਸ਼ੈਲੀ, ਖਾਣ-ਪੀਣ ਦੀਆਂ ਆਦਤਾਂ ਪ੍ਰਤੀ ਲਾਪਰਵਾਹੀ, ਸਰੀਰਕ ਗਤੀਵਿਧੀਆਂ ਵਿੱਚ ਕਮੀ, ਪਰਿਵਾਰਕ ਦਬਾਅ ਆਦਿ ਸ਼ਾਮਲ ਹਨ। , ਤਣਾਅ ਆਦਿ ਸ਼ਾਮਲ ਹਨ ।ਡਾ: ਭੰਡਾਰੀ ਨੇ ਕਿਹਾ ਕਿ ਹਾਈਪਰਟੈਨਸ਼ਨ ਇੱਕ ਗੰਭੀਰ ਬਿਮਾਰੀ ਹੈ ਅਤੇ ਇਸ ਦਾ ਇਲਾਜ ਡਾਕਟਰੀ ਸਲਾਹ ਨਾਲ ਕੁਦਰਤੀ ਤੌਰ ’ਤੇ ਕੀਤਾ ਜਾ ਸਕਦਾ ਹੈ। ਉਨ੍ਹਾਂ ਅਰਜਨ ਦੇ ਸੱਕ ਬਾਰੇ ਦੱਸਿਆ ਕਿ ਅਰਜੁਨ ਦਾ ਸੱਕ ਔਸ਼ਧੀ ਗੁਣਾਂ ਨਾਲ ਭਰਪੂਰ ਹੋਣ ਦੇ ਨਾਲ ਸਿਹਤ ਲਈ ਬਹੁਤ ਫਾਇਦੇਮੰਦ ਹੈ। ਇਸ ਦੀ ਵਰਤੋਂ ਕਈ ਬਿਮਾਰੀਆਂ ਦੇ ਇਲਾਜ ਲਈ ਵੀ ਕੀਤੀ ਜਾਂਦੀ ਹੈ। ਹਾਈ ਬਲੱਡ ਪ੍ਰੈਸ਼ਰ ਦੀ ਸਮੱਸਿਆ ਨੂੰ ਦੂਰ ਕਰਨ ਲਈ ਵੀ ਅਰਜਨ ਦੀ ਸੱਕ ਨੂੰ ਬਹੁਤ ਫਾਇਦੇਮੰਦ ਮੰਨਿਆ ਜਾਂਦਾ ਹੈ। ਇੰਨਾ ਹੀ ਨਹੀਂ ਇਸ ਦਾ ਸੇਵਨ ਸਰੀਰ ’ਚ ਵਧੇ ਹੋਏ ਕੋਲੈਸਟ੍ਰਾਲ ਦੇ ਪੱਧਰ ਨੂੰ ਵੀ ਘੱਟ ਕਰਦਾ ਹੈ। ਉਨ੍ਹਾਂ ਕਿਹਾ ਕਿ ਹਰੀਆਂ ਸਬਜ਼ੀਆਂ ਨੂੰ ਖ਼ੁਰਾਕ ਵਿੱਚ ਜ਼ਰੂਰ ਸ਼ਾਮਲ ਕਰਨਾ ਚਾਹੀਦਾ ਹੈ ਅਤੇ ਪੋਟਾਸ਼ੀਅਮ ਭਰਪੂਰ ਮਾਤਰਾ ਵਿੱਚ ਹੁੰਦਾ ਹੈ। ਇਹ ਹਾਈ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਦਾ ਹੈ। ਡਾ: ਭੰਡਾਰੀ ਨੇ ਕਿਹਾ ਕਿ ਚੁਕੰਦਰ ਸਾਡੀ ਸਿਹਤ ਲਈ ਵੀ ਬਹੁਤ ਫਾਇਦੇਮੰਦ ਹੈ। ਇਹੀ ਕਾਰਨ ਹੈ ਕਿ ਕਈ ਡਾਈਟੀਸ਼ੀਅਨ ਵੀ ਇਸ ਨੂੰ ਡਾਈਟ ’ਚ ਸ਼ਾਮਲ ਕਰਨ ਦੀ ਸਲਾਹ ਦਿੰਦੇ ਹਨ। ਇਸ ’ਚ ਮੌਜੂਦ ਪੋਸ਼ਕ ਤੱਤ ਨਾ ਸਿਰਫ ਸਰੀਰ ’ਚ ਅਨੀਮੀਆ ਨੂੰ ਦੂਰ ਕਰਦੇ ਹਨ ਸਗੋਂ ਹਾਈਪਰਟੈਨਸ਼ਨ ਤੋਂ ਵੀ ਰਾਹਤ ਦਿੰਦੇ ਹਨ।

### ਘੱਲੂਘਾਰਾ ਜੂਨ 1984 ਦੇ ਸ਼ਹੀਦਾਂ ਦੀ

# 40ਵੀਂ ਵਰੇਗੰਢ ਦੀ ਯਾਦ ਵਿੱਚ ਇੰਗਲੈਂਡ ਦੇ ਸਿੱਖਾਂ ਵੱਲੋਂ ਲੰਡਨ ਵਿਖੇ ਭਾਰੀ ਰੋਸ ਮੁਜ਼ਾਹਰਾ










ਆਵਾਜ਼ਿ ਕੌਮ AWAZE QAUM International Newspaper & WEB TV







(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਘੱਲੂਘਾਰਾ ਜੂਨ 1984 ਦੇ ਸ਼ਹੀਦਾਂ ਦੀ

# 40ਵੀਂ ਵਰੇਗੰਢ ਦੀ ਯਾਦ ਵਿੱਚ ਇੰਗਲੈਂਡ ਦੇ ਸਿੱਖਾਂ ਵੱਲੋਂ ਲੰਡਨ ਵਿਖੇ ਭਾਰੀ ਰੋਸ ਮੁਜ਼ਾਹਰਾ
















ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


ਪਰਮਸਤਿਕਾਰਯੋਗ ਪਿਆਰੇ ਅਹੁਦੇਦਾਰ ਸਾਹਿਬਾਨ ਆਲ ਯੂਕੇ ਸ੍ਰੌਮਣੀ ਅਕਾਲੀ ਦਲ ਕਮੇਟੀ ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ ਆਪ ਜੀ ਨੂੰ ਨਿਮਰਤਾ ਸਹਿਤ ਸੂਚਿਤ ਕੀਤਾ ਜਾਦਾ ਹੈ ਕਿ ਪੰਜਾਬ ਦੀ ਧਰਤੀ ਤੋ ਸ੍ਰੌਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਜਥੇਦਾਰ ਕਰਨੈਲ ਸਿੰਘ ਪੀਰਮੁਹੰਮਦ ਇੰਗਲੈਂਡ ਦੌਰੇ ਤੇ ਆਏ ਹਨ ਉਹ 18 ਜੂਨ ਸਾਮ ਪੰਜ ਵਜੇ ਆਪਣੀ ਪਾਰਟੀ ਦੇ ਵਰਕਰਾ ਅਹੁਦੇਦਾਰਾ ਨਾਲ ਮੀਟਿੰਗ ਕਰਨਗੇ ਆਪ ਜੀ ਨੂੰ ਪਾਰਟੀ ਦੇ ਮੌਜੂਦਾ ਪ੍ਰੋਗਰਾਮਾ ਤੇ ਭਵਿੱਖ ਦੀ ਰਣਨੀਤੀ ਬਾਰੇ ਵਿਚਾਰ ਵਟਾਂਦਰਾ ਕਰਨਗੇ ਤੁਸੀ ਉਹਨਾਂ ਨਾਲ ਆਪਣੇ ਸੁਝਾਅ ਵਿਚਾਰ ਖੁੱਲਕੇ ਸਾਝੇ ਕਰ ਸਕਦੇ ਹੋ।
ਧੰਨਵਾਦ ਸਹਿਤ ਬਲਿਹਾਰ ਸਿੰਘ ਰਾਮੇਵਾਲ ਮੁਖ ਸੇਵਾਦਾਰ ਗੁਰਦਵਾਰਾ ਅਕਾਲ ਦਰਬਾਰ ਸਾਹਿਬ ਤੇ ਸਮੂਹ ਕਮੇਟੀ.
ਆਵਾਜ਼ਿ ਕੌਮ
AWAZE QAUM
International Newspaper & WEB TV